SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 22* Issue 55 | Monday, March 20, 2023 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' Online ਰੋਜ਼ਾਨਾ ਪੜ੍ਹ ਸਕਦੇ ਹੋ

## ਰੂਸ ਦੇ ਕਬਜ਼ੇ ਵਾਲੇ ਯੂਕਰੇਨ ਵਿੱਚ ਕਾਰ ਚਲਾਉਂਦੇ ਦਿਸੇ ਪੁਤਿਨ, ਆਮ ਲੋਕਾਂ ਨੂੰ ਮਿਲੇ



ਮਾਸਕੋ, 19 ਮਾਰਚ (ਪੋਸਟ ਬਿਊਰੋ): ਰੂਸ ਦੇ ਰਾਸ਼ਟਰਪਤੀ ਵਲਾਦੀਮੀਰ ਪੁਤਿਨ ਨੇ ਰੂਸ ਦੇ ਕਬਜ਼ੇ ਵਾਲੇ ਯੂਕਰੇਨ ਦੇ ਸ਼ਹਿਰ ਮਾਰੀਉਪੋਲ ਦਾ ਦੌਰਾ ਕੀਤਾ ਹੈ। ਰਾਸ਼ਟਰਪਤੀ ਪੁਤਿਨ ਦਾ ਇੱਕ ਵੀਡੀਓ ਸਾਹਮਣੇ ਆਇਆ ਹੈ ਜਿਸ ਵਿੱਚ ਉਹ ਰਾਤ ਨੂੰ ਸੜਕਾਂ 'ਤੇ ਕਾਰ ਚਲਾਉਂਦੇ ਅਤੇ ਲੋਕਾਂ ਨਾਲ ਗੱਲ ਕਰਦੇ ਹੋਏ ਦਿਖਾਈ ਦੇ ਰਹੇ ਹਨ। ਕ੍ਰੇਮਲਿਨ ਵੱਲੋਂ ਕਿਹਾ ਗਿਆ ਹੈ ਕਿ ਇਹ ਵੀਡੀਓ ਸ਼ਨੀਵਾਰ ਰਾਤ ਦਾ ਹੈ। ਜਾਣਕਾਰੀ ਮੁਤਾਬਕ ਪੁਤਿਨ ਹੈਲੀਕਾਪਟਰ ਰਾਹੀਂ ਇਸ ਥਾਂ ਪਹੁੰਚੇ। ਬਾਅਦ ਵਿੱਚ ਉਨ੍ਹਾਂ ਉਥੇ ਕਾਰ ਚਲਾ ਕੇ ਦੌਰਾ ਕੀਤਾ। ਪੁਤਿਨ ਦੀ ਇਹ ਫੇਰੀ ਅਮਰੀਕੀ ਰਾਸ਼ਟਰਪਤੀ ਜੋ ਬਾਈਡਨ ਦੇ ਕੀਵ ਪਹੁੰਚਣ ਦੇ ਲਗਭਗ ਇੱਕ ਮਹੀਨੇ ਬਾਅਦ ਹੋਈ ਹੈ। ਰੂਸ-ਯੂਕਰੇਨ ਜੰਗ ਦੇ ਵਿਚਕਾਰ ਅਮਰੀਕੀ ਰਾਸ਼ਟਰਪਤੀ ਜੋ ਬਾਈਡਨ ਨੇ ਕੀਵ ਪਹੁੰਚ ਕੇ ਸਭ ਨੂੰ ਹੈਰਾਨ ਕਰ ਦਿੱਤਾ ਸੀ। ਬਾਈਡਨ ਨੇ ਪਹਿਲਾਂ ਤੋਂ ਤੈਅ ਪ੍ਰੋਗਰਾਮ ਮੁਤਾਬਕ ਪੋਲੈਂਡ ਜਾਣਾ ਸੀ ਪਰ ਯੂਕਰੇਨ ਪਹੁੰਚ ਕੇ ਉਨ੍ਹਾਂ ਨੇ ਵਿਦੇਸ਼ੀ ਮਾਮਲਿਆਂ ਦੇ ਮਾਹਿਰਾਂ ਨੂੰ ਵੀ ਹੈਰਾਨ ਕਰ ਦਿੱਤਾ।

ਜ਼ਿਕਰਯੋਗ ਹੈ ਕਿ ਹਾਲ ਹੀ 'ਚ ਅੰਤਰਰਾਸ਼ਟਰੀ ਅਪਰਾਧਿਕ ਅਦਾਲਤ ਨੇ ਪੁਤਿਨ ਖਿਲਾਫ ਗ੍ਰਿਫਤਾਰੀ ਵਾਰੰਟ ਜਾਰੀ ਕੀਤਾ ਹੈ। ਹਾਲਾਂਕਿ ਇਸ ਵਾਰੰਟ ਦਾ ਰੂਸ ਨੇ ਵਿਰੋਧ ਕੀਤਾ ਹੈ। ਕ੍ਰੇਮਲਿਨ ਦੇ ਬੁਲਾਰੇ ਦਮਿਤਰੀ ਪੇਸਕੋਵ ਨੇ ਕਿਹਾ, "ਰੂਸ, ਕਈ ਹੋਰ ਦੇਸ਼ਾਂ ਵਾਂਗ, ਇਸ ਅਦਾਲਤ ਦੇ ਅਧਿਕਾਰ ਖੇਤਰ ਨੂੰ ਮਾਨਤਾ ਨਹੀਂ ਦਿੰਦਾ ਹੈ ਅਤੇ ਇਸ ਲਈ ਅਦਾਲਤ ਦਾ ਫੈਸਲਾ ਕਾਨੂੰਨੀ ਦ੍ਰਿਸ਼ਟੀਕੋਣ ਤੋਂ ਬੇਕਾਰ ਹੈ।" ਰੂਸ ਆਈਸੀਸੀ ਦਾ ਮੈਂਬਰ ਨਹੀਂ ਹੈ।

## ਪਾਕਿਸਤਾਨ ਦੇ ਸਾਬਕਾ ਪ੍ਰਧਾਨ ਮੰਤਰੀ ਇਮਰਾਨ ਖਾਨ ਖਿਲਾਫ ਅੱਤਵਾਦ ਦਾ ਮਾਮਲਾ ਦਰਜ

ਇਸਲਾਮਾਬਾਦ, 19 ਮਾਰਚ (ਪੋਸਟ ਬਿਊਰੋ): ਪਾਕਿਸਤਾਨ ਦੀ ਪੁਲਿਸ ਨੇ ਸਾਬਕਾ ਪ੍ਰਧਾਨ ਮੰਤਰੀ ਇਮਰਾਨ ਖ਼ਾਨ ਅਤੇ ਉਨ੍ਹਾਂ ਦੀ ਪਾਰਟੀ ਪਾਕਿਸਤਾਨ ਤਹਿਰੀਕ-ਏ-ਇਨਸਾਫ਼ (ਪੀਟੀਆਈ) ਦੇ ਕਰੀਬ ਇੱਕ ਦਰਜਨ ਆਗੂਆਂ 'ਤੇ ਭੰਨ-ਤੋੜ ਕੀਤੀ, ਸਾਬਕਾ ਪ੍ਰਧਾਨ ਮੰਤਰੀ ਖ਼ਿਲਾਫ਼ ਭ੍ਰਿਸ਼ਟਾਚਾਰ ਦੇ ਕੇਸ ਦੀ ਸੁਣਵਾਈ ਦੌਰਾਨ ਅਦਾਲਤ ਦੇ ਬਾਹਰ ਹੰਗਾਮਾ ਕਰਨ, ਸੁਰੱਖਿਆ ਕਰਮਚਾਰੀਆਂ 'ਤੇ ਹਮਲਾ ਕਰਨ, ਸਾਜ਼ਿਸ਼ ਵਿੱਚ ਸ਼ਾਮਲ ਹੋਣ ਲਈ ਅੱਤਵਾਦ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਦੇ ਤਹਿਤ ਇੱਕ ਐਫਆਈਆਰ ਦਰਜ ਕੀਤੀ ਗਈ ਹੈ। ਇਮਰਾਨ ਖਾਨ ਤੋਸ਼ਾਖਾਨਾ ਮਾਮਲੇ ਦੀ ਬਹੁ-ਉਡੀਕ ਸੁਣਵਾਈ 'ਚ ਪੇਸ਼ ਹੋਣ ਲਈ ਲਾਹੌਰ ਤੋਂ ਇਸਲਾਮਾਬਾਦ ਆਏ ਸਨ ਅਤੇ ਇਸ ਦੌਰਾਨ ਇਸਲਾਮਾਬਾਦ ਨਿਆਂਇਕ ਕੰਪਲੈਕਸ ਦੇ ਬਾਹਰ ਉਨ੍ਹਾਂ ਦੇ ਸਮਰਥਕਾਂ ਅਤੇ ਸੁਰੱਖਿਆ ਕਰਮਚਾਰੀਆਂ ਵਿਚਾਲੇ ਝੜਪ ਹੋ ਗਈ।

ਸ਼ਨੀਵਾਰ ਨੂੰ ਪੀਟੀਆਈ ਵਰਕਰਾਂ ਅਤੇ ਪੁਲਿਸ ਵਿਚਾਲੇ ਝੜਪਾਂ ਦੌਰਾਨ 25 ਸੁਰੱਖਿਆ ਕਰਮਚਾਰੀ ਜ਼ਖਮੀ ਹੋ ਗਏ ਸਨ, ਜਿਸ ਤੋਂ ਬਾਅਦ ਵਧੀਕ ਜ਼ਿਲ੍ਹਾ ਅਤੇ



ਸੈਸ਼ਨ ਜੱਜ ਜ਼ਫਰ ਇਕਬਾਲ ਨੇ ਸੁਣਵਾਈ 30 ਮਾਰਚ ਤੱਕ ਮੁਲਤਵੀ ਕਰ ਦਿੱਤੀ ਹੈ। ਜਾਣਕਾਰੀ ਪੀਟੀਆਈ ਵਰਕਰਾਂ ਅਤੇ ਲੋੜੀਂਦੇ ਨੇਤਾਵਾਂ ਖਿਲਾਫ ਐਫਆਈਆਰ ਦਰਜ ਕੀਤੀ ਗਈ ਹੈ। ਇਸਲਾਮਾਬਾਦ ਪੁਲਿਸ ਵੱਲੋਂ ਦਰਜ ਕਰਵਾਈ ਗਈ ਐਫਆਈਆਰ ਵਿੱਚ ਪੀਟੀਆਈ ਦੇ 17 ਨੇਤਾਵਾਂ ਦੇ ਨਾਮ ਦਰਜ ਕੀਤੇ ਗਏ ਹਨ।

ਐਫਆਈਆਰ ਵਿੱਚ ਕਿਹਾ ਗਿਆ ਹੈ ਕਿ ਕਾਰਕੁਨਾਂ ਨੇ ਪੁਲਿਸ ਚੌਕੀ ਅਤੇ ਨਿਆਂਇਕ ਕੰਪਲੈਕਸ ਦੇ ਮੁੱਖ ਗੇਟ ਨੂੰ ਢਾਹ ਦਿੱਤਾ। ਪੁਲਿਸ ਅਨੁਸਾਰ ਅੱਗਜ਼ਨੀ, ਪਥਰਾਅ ਅਤੇ ਨਿਆਂਇਕ ਕੰਪਲੈਕਸ ਦੀ ਇਮਾਰਤ ਨੂੰ ਨੁਕਸਾਨ ਪਹੁੰਚਾਉਣ ਦੇ ਦੋਸ਼ਾਂ ਤਹਿਤ 18 ਲੋਕਾਂ ਨੂੰ ਹਿਰਾਸਤ ਵਿੱਚ ਲਿਆ ਗਿਆ ਹੈ।

## ਬੰਗਲਾਦੇਸ਼ ਵਿਚ ਤੇਜ਼ ਰਫਤਾਰ ਬੱਸ ਖੱਡ 'ਚ ਡਿੱਗੀ, 17 ਦੀ ਮੌਤ, 30 ਜ਼ਖਮੀ



ਢਾਕਾ, 19 ਮਾਰਚ (ਪੋਸਟ ਬਿਊਰੋ): ਬੰਗਲਾਦੇਸ਼ 'ਚ ਐਤਵਾਰ ਨੂੰ ਇਕ ਤੇਜ਼ ਰਫਤਾਰ ਬੱਸ ਦੇ ਖੱਡ 'ਚ ਡਿੱਗਣ ਕਾਰਨ 17 ਲੋਕਾਂ ਦੀ ਮੌਤ ਹੋ ਗਈ ਅਤੇ 30 ਹੋਰ ਜ਼ਖਮੀ ਹੋ ਗਏ। ਪੁਲਿਸ ਦੇ ਅਨੁਸਾਰ, ਇਮਾਦ ਟਰਾਂਸਪੋਰਟ ਦੁਆਰਾ ਸੰਚਾਲਿਤ ਢਾਕਾ ਜਾ ਰਹੀ ਬੱਸ ਸਵੇਰੇ 7:30 ਵਜੇ ਦੇ ਕਰੀਬ ਮਦਾਰੀਪੁਰ ਵਿੱਚ ਇੱਕ ਐਕਸਪ੍ਰੈਸਵੇਅ 'ਤੇ ਸੰਤੁਲਨ ਗੁਆ ਬੈਠੀ, ਜਿਸ ਕਾਰਨ ਬੱਸ ਖੱਡ ਵਿੱਚ ਡਿੱਗ ਗਈ। ਪੁਲਸ ਮੁਤਾਬਕ ਇਸ ਹਾਦਸੇ 'ਚ ਮਰਨ ਵਾਲਿਆਂ ਦੀ ਗਿਣਤੀ ਵਧ ਸਕਦੀ ਹੈ, ਕਿਉਂਕਿ ਕਈ ਜ਼ਖਮੀਆਂ ਦੀ ਹਾਲਤ ਗੰਭੀਰ ਬਣੀ ਹੋਈ ਹੈ।

ਮਦਾਰੀਪੁਰ ਦੇ ਐਸਪੀ ਮੁਹੰਮਦ ਮਸੂਦ ਆਲਮ ਨੇ ਦੱਸਿਆ ਕਿ ਜ਼ਖਮੀਆਂ ਨੂੰ ਵੱਖ-ਵੱਖ ਹਸਪਤਾਲਾਂ ਵਿੱਚ ਦਾਖ਼ਲ ਕਰਵਾਇਆ ਗਿਆ ਹੈ। ਆਲਮ ਨੇ ਕਿਹਾ, ਮੰਨਿਆ ਜਾ ਰਿਹਾ ਹੈ ਕਿ ਇਹ ਹਾਦਸਾ ਲਾਪਰਵਾਹੀ ਨਾਲ ਡਰਾਈਵਿੰਗ ਅਤੇ ਬੱਸ 'ਚ ਖਰਾਬੀ ਕਾਰਨ ਹੋਇਆ ਹੈ। ਇਸ ਦੇ ਨਾਲ ਹੀ ਫਾਇਰ ਵਿਭਾਗ ਦੇ ਡਿਪਟੀ ਅਸਿਸਟੈਂਟ ਡਾਇਰੈਕਟਰ ਸ਼ਿਪਲੂ ਅਹਿਮਦ ਨੇ ਦੱਸਿਆ ਕਿ ਮੰਨਿਆ ਜਾ ਰਿਹਾ ਹੈ ਕਿ ਤੇਜ਼ ਰਫਤਾਰ ਬੱਸ ਦਾ ਪਹੀਆ ਫਟ ਗਿਆ ਅਤੇ ਡਰਾਈਵਰ ਨੇ ਵਾਹਨ 'ਤੇ ਕੰਟਰੋਲ ਗੁਆ ਦਿੱਤਾ, ਜਿਸ ਕਾਰਨ ਬੱਸ ਖਾਈ 'ਚ ਜਾ ਡਿੱਗੀ।

ਫਾਇਰ ਸਰਵਿਸ ਅਧਿਕਾਰੀ ਲੀਮਾ ਖਾਨਮ ਨੇ ਦੱਸਿਆ ਕਿ ਫਾਇਰ ਸਰਵਿਸ ਦੀਆਂ ਤਿੰਨ ਯੂਨਿਟਾਂ ਮੌਕੇ 'ਤੇ ਰਾਹਤ ਅਤੇ ਬਚਾਅ ਕਾਰਜ 'ਚ ਲੱਗੀਆਂ ਹੋਈਆਂ ਹਨ। ਉਨ੍ਹਾਂ ਦੱਸਿਆ ਕਿ ਮ੍ਰਿਤਕਾਂ ਅਤੇ ਜ਼ਖਮੀਆਂ ਦੀ ਪਛਾਣ ਹੋਣੀ ਬਾਕੀ ਹੈ। ਇਸ ਦੇ ਨਾਲ ਹੀ ਸ਼ੋਨਾਡਾਂਗਾ ਬੱਸ ਸਟੇਸ਼ਨ ਦੇ ਅਧਿਕਾਰੀ ਮੁਹੰਮਦ ਸਬਜ ਖਾਨ ਨੇ ਦੱਸਿਆ ਕਿ ਬੱਸ ਵਿਚ 43 ਤੋਂ ਵੱਧ ਯਾਤਰੀ ਸਵਾਰ ਸਨ। ਇਹ ਹਾਦਸਾ ਢਾਕਾ ਤੋਂ ਕਰੀਬ 80 ਕਿਲੋਮੀਟਰ ਦੂਰ ਵਾਪਰਿਆ ਅਤੇ ਬੱਸ 30 ਫੁੱਟ ਖੱਡ ਵਿੱਚ ਜਾ ਡਿੱਗੀ।

NOW HIRING !!!
ALLKIND INSURANCE
Life Insurance • Critical illness Ins • Travel & Visitor Ins • RESP & TFSA & RRSP
Super Visa Insurance • Mortgage Insurance • Disability Insurance • Funeral Insurance
SIMRAN SAINI 416.994.7272
www.allkindinsurance.com

ਨੈਨੀ ਦੀ ਲੋੜ
ਬਰੈਂਪਟਨ ਵਿਚ ਘਰ ਦਾ ਕੰਮ ਕਰਨ ਲਈ ਨੈਨੀ ਦੀ ਲੋੜ ਹੈ। ਸੰਪਰਕ ਕਰੋ:
416-556-6884

INSURANCE
Home • Auto • Business • Trucking • Life Insurance • Commercial
647-206-2452
Sukhwinder K Singh
CONNEX 7050A Bramalea Rd, Unit # 13, Mississauga, ON L5S 1T1

SUPER VISA INSURANCE EXPERTS
7003 Steeles Ave. W, Unit 10, Etobicoke, ON, M9W 0A2
gill@punjabinsurance.ca | topinsuranceservices.ca
Punjab Insurance Inc
Disability Insurance
Mortgage Insurance
Life Insurance
Visitor & Travel Insurance
RESP(Education Plan)
Critical Illness Insurance
RANJIT GILL Insurance Advisor
416-724-5000

GURBIR CHAHAL
Sales Representative
416.566.7605
gurbir.chahal@yahoo.com
ROYAL LePAGE Flower City Realty Off: 905.230.3100

ਰੈਸਟੋਰੈਂਟ ਪੈਟਿਓ ਫੂਡ ਕਾਊਂਟਰ
ਗਰਮੀਆਂ ਵਿੱਚ ਪਰਾਫਿਟ ਲਈ ਸੁਨਹਿਰਾ ਮੌਕਾ
$10,000 per month Profit
Free Training, Equipement, Place and Utilities
1 ਮਈ ਤੋਂ 31 ਅਕਤੂਬਰ ਤੱਕ ਕਾਂਟਰੈਕਟ ਜਾਂ ਲੀਜ਼ ਕਰੋ:
Call Kumar: 437-925-4585
Email: startup2023abusiness@gmail.com

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill

OURR HOME & APPLIANCES
DEALS
SPRING DEALS ON LUXURY APPLIANCES
Authorized Dealer for ALL MAJOR BRANDS
HURRY NOW
$1699* $199 $2999* $299 $4699* $2999*
KitchenAid moffat MAYTAG LG Electrolux JENNAIR GE AMANA BOSCH Whirlpool SAMSUNG FRIGIDAIRE CAPITAL
UNIT #1, 241 CLARENCE ST BRAMPTON, ON L6W 3E7 (416) 551 3343 | 44 FASKEN DR. #2-9 ETOBICKOKE, ON M9W 5M8 (416) 792-0877 | UNIT #6 410 LEWIS RD, STONEY CREEK, ON L8E 5Y7 (905) 643 0818 | UNIT #4 -1540 FANSHAWE PARK ROAD WEST LONDON, ON N6H 5L8 (519) 641-1010 | 5781 HIGHWAY 7 UNIT 10, VAUGHAN, ON L4L 1T8 (416) 477 5556 | 1050 SPEERS ROAD, OAKVILLE, ON, L6L 2X4 (416) 613 0555
416-551-5553 WWW.OURRHOMEAPPLIANCES.COM

AUTO & HOME INSURANCE
Super visa Insurance
Life & Disability
Critical illness
RESP
Visitor & Travel insurance
(416-845-1352)
Manwinder Mangat
Axxel InsuranceBrokers Ltd. 1332 Khalsa Dr, Unit # 11, Mississauga, ON L5S 0A2

Law Office of Aman Sharma
Real Estate • Commercial Lease
Business Purchase & Sale
Notarizations & Affidavits
Wills & Power Of Attorney
Fax: 905-913-2344 Tel: 905-913-2355
Aman Sharma
25 Cherrycrest Drive, Unit # 6 Brampton, ON, L6P 3W4
Open Saturday
Providing excellent quality legal services to our clients

HELPING YOU PLAN TODAY...FOR TOMORROW
Supervisa / Visitor Insurance
Life /Mortgage/Funeral Insurance
Disability Insurance
Critical Illness Insurance
RESP /RRSP
www.ufsinsurance.com
JATINDERBIR S BAJWA Insurance Broker
Dir: 647-928-4990
# 25-831 Bovarid Dr. W. Brampton, ON L6X0T9 | www.ufsinsurance.com

KELLEY LAW OFFICE
Immigration • Real Estate • Family Law • Business Closing • Corporate • Wills & Estate • Power of Attorney/Affidavit /Attestations
www.kelleylawoffice.ca | info@kelleylawoffice.ca
1200 Derry Road E, #15, Mississauga, ON L5T 0B3
Shinder Kelley
905-362-0755

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu Certified & Licenced Exterminator
BED BUG MATTRESS COVER ALSO AVAILABLE
Cell: 647.668.3944 | Office: 905.455.0648
info@atozpestcontrolntoronto.com | www.atozpestcontroltoronto.com

Royal Pest Control
Residential Commercial Industrial
Specialist in Bedbugs Service
All Pest Control :
Mouse & Rats • Spiders & Fleas • Bedbugs • Wasps • Cockroaches • Carpenter Ants • Silver Fish • Racoons
Call : PARESH PATEL (Government Approved Licensed Technician)
416 938 4598

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
ਪਾਵਰ ਆਫ ਸੇਲ ਨੋਟਿਸ ?
ਗਾਰਨਿਸ਼ਮੈਂਟ?
ਬੈਂਕ ਵਲੋਂ ਪੈਸੇ ਦੀ ਮੰਗ ?
ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
ਕਰਜ਼ੇ ਦੀ ਸਿਰਦਰਦੀ ?
Late Evening and Weekends Appointments Available 1888 864 3131
Jasbir Singh Hundal Qualified Credit Counsellor
www.MakeMeDebtFree.ca 416-502-3100 Unit #20 - 7015 Tranmere Drive Mississauga, ON L5S 1T7

CN Forklift Training Center
Counterbalance • Walkie pallet • Electric Motor Narrow Aisle Reach • Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan Certified Instructor

A-One Drivers TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
ਫਰੀ ਪਿਕਅਪ
Best Rates For Lessons
] ਮੁਫਤ ਪਿਕਅਪ ਅਤੇ ਡਰਾਪ ਆਫ਼
] ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਊਂਟ ਸਰਟੀਫਿਕੇਟ
] ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
] ਵਾਜਿਬ ਕੀਮਤ
ਲੇਡੀ ਇੰਸਟਰਕਟਰ
647-998-7500 ਬਲਵਿੰਦਰ

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
AvonFinancial Inc. Brokerage Lic. 12538
Harpreet Singh Goraya Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
Real Estate Law • Business Law • Wills & Estates • Family Law • Power of Attorney • Civil Litigation • Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

# ਵਾਰਿਸ ਪੰਜਾਬ ਦੇ' ਨੂੰ ਕਾਬੂ ਕਰਨ ਲਈ ਸੂਬਾ ਪੱਧਰੀ ਮੁਹਿੰਮ ਜਾਰੀ, ਭਗੌੜੇ ਅੰਮ੍ਰਿਤਪਾਲ ਦੀ ਗਿਰਫ਼ਤਾਰੀ ਲਈ ਕੀਤੇ ਜਾ ਰਹੇ ਯਤਨ

ਚੰਡੀਗੜ੍ਹ, 19 ਮਾਰਚ (ਪੋਸਟ ਬਿਊਰੋ): ਪੰਜਾਬ ਪੁਲਿਸ ਨੇ ਐਤਵਾਰ ਨੂੰ ਅਪਰਾਧਿਕ ਮਾਮਲਿਆਂ ਵਿੱਚ ਲੋੜੀਂਦੇ ਵਾਰਿਸ ਪੰਜਾਬ ਦੇ (ਡਬਲਯੂ.ਪੀ.ਡੀ.) ਦੇ ਕਾਰਕੁੰਨਾਂ ਵਿਰੁੱਧ ਆਪਣੀ ਕਾਰਵਾਈ ਜਾਰੀ ਰੱਖੀ ਅਤੇ ਸੂਬੇ ਵਿੱਚ ਸ਼ਾਂਤੀ ਅਤੇ ਕਾਨੂੰਨ ਵਿਵਸਥਾ ਨੂੰ ਭੰਗ ਕਰਨ ਦੀ ਕੋਸ਼ਿਸ਼ ਕਰਨ ਵਾਲੇ ਵਿਅਕਤੀਆਂ ਨੂੰ ਠੱਲ੍ਹ ਪਾਉਣ ਲਈ ਗ੍ਰਿਫਤਾਰੀਆਂ ਵੀ ਕੀਤੀਆਂ।

ਪੰਜਾਬ ਪੁਲੀਸ ਦੇ ਬੁਲਾਰੇ ਨੇ ਦੱਸਿਆ ਕਿ ਹਾਲੇ ਤੱਕ ਅੰਮ੍ਰਿਤਪਾਲ ਸਿੰਘ ਭਗੌੜਾ ਹੈ ਅਤੇ ਉਸ ਦੀ ਗ੍ਰਿਫ਼ਤਾਰੀ ਲਈ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸੀਨੀਅਰ ਸੁਪਰਡੈਂਟ ਆਫ ਪੁਲਿਸ (ਐਸ.ਐਸ.ਪੀਜ਼) ਅਤੇ ਪੁਲਿਸ ਕਮਿਸ਼ਨਰਾਂ (ਸੀ.ਪੀ.) ਦੀ ਨਿੱਜੀ ਤੌਰ 'ਤੇ ਅਗਵਾਈ ਵਿੱਚ ਜ਼ਿਲ੍ਹਾ ਪੁਲਿਸ ਅਤੇ ਅਰਧ ਸੈਨਿਕ ਬਲਾਂ (ਪੀ. ਐੱਮ. ਐੱਫ.) ਕੰਪਨੀਆਂ ਵੱਲੋਂ ਸੂਬੇ ਭਰ ਵਿੱਚ ਫਲੈਗ ਮਾਰਚ ਕੀਤੇ ਗਏ। ਉਨ੍ਹਾਂ ਕਿਹਾ ਕਿ ਸਾਰੇ ਜ਼ਿਲ੍ਹਿਆਂ ਵਿੱਚ ਸ਼ਾਂਤੀ ਕਮੇਟੀ ਮੀਟਿੰਗਾਂ ਵੀ ਕੀਤੀਆਂ ਗਈਆਂ ਅਤੇ ਸੂਬੇ ਵਿੱਚ ਪੂਰਨ ਸ਼ਾਂਤੀ ਅਤੇ ਸਦਭਾਵਨਾ ਬਣੀ ਰਹੀ।

ਡਬਲਯੂ.ਪੀ.ਡੀ. ਕਾਰਕੁੰਨਾਂ ਅਤੇ ਰਾਜ ਵਿੱਚ ਸ਼ਾਂਤੀ ਅਤੇ ਸਦਭਾਵਨਾ ਨੂੰ ਭੰਗ ਕਰਨ ਦੀ ਕੋਸ਼ਿਸ਼ ਕਰਨ ਵਾਲੇ ਵਿਅਕਤੀਆਂ ਵਿਰੁੱਧ ਚੱਲ ਰਹੇ ਇਨ੍ਹਾਂ ਅਪਰੇਸ਼ਨਾਂ ਦੌਰਾਨ, ਐਤਵਾਰ ਨੂੰ ਰਾਜ ਭਰ ਵਿੱਚ 34 ਹੋਰ ਗ੍ਰਿਫਤਾਰੀਆਂ ਕੀਤੀਆਂ ਗਈਆਂ। ਹੁਣ ਤੱਕ ਕੁੱਲ 112 ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਜਾ ਚੁੱਕਾ ਹੈ।



ਬੁਲਾਰੇ ਨੇ ਦੱਸਿਆ ਕਿ ਚੱਲ ਰਹੇ ਤਲਾਸ਼ੀ ਅਭਿਆਨ ਦੌਰਾਨ ਪਿੰਡ ਸਲੀਣਾ, ਥਾਣਾ ਮਹਿਤਪੁਰ, ਜਿਲਾ ਜਲੰਧਰ ਦਿਹਾਤੀ ਤੋਂ ਪੀ.ਬੀ.10ਐਫ.ਡਬਲਯੂ. 6797 ਨੰਬਰ ਵਾਲੀ ਇੱਕ ਲਾਵਾਰਿਸ ਈਸੂਜ਼ੂ ਗੱਡੀ ਬਰਾਮਦ ਕੀਤੀ ਗਈ ਹੈ। ਇਸ ਗੱਡੀ ਦੀ ਵਰਤੋਂ ਭਗੌੜੇ ਅੰਮ੍ਰਿਤਪਾਲ ਸਿੰਘ ਵੱਲੋਂ ਉਦੋਂ ਕੀਤੀ ਗਈ ਜਦੋਂ ਪੁਲਿਸ ਉਸਦਾ ਪਿੱਛਾ ਕਰ ਰਹੀ ਸੀ। ਉਨ੍ਹਾਂ ਦੱਸਿਆ ਕਿ ਉਕਤ ਲਾਵਾਰਿਸ ਗੱਡੀ ਵਿੱਚੋਂ ਇੱਕ .315 ਬੋਰ ਰਾਈਫਲ ਸਮੇਤ 57 ਜਿੰਦਾ ਕਾਰਤੂਸ, ਇੱਕ ਤਲਵਾਰ ਅਤੇ ਇੱਕ ਵਾਕੀ-ਟਾਕੀ ਸੈੱਟ ਬਰਾਮਦ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਇਹ ਗੱਡੀ ਮਨਪ੍ਰੀਤ ਸਿੰਘ ਵਾਸੀ ਪਿੰਡ ਅਨੋਖਰਵਾਲ, ਐਸ.ਬੀ.ਐਸ.ਨਗਰ ਦੀ ਹੈ, ਜਿਸਨੂੰ ਗ੍ਰਿਫਤਾਰ ਕੀਤਾ ਜਾ ਚੁੱਕਾ ਹੈ।

ਪੰਜਾਬ ਪੁਲਿਸ ਅਤੇ ਕੇਂਦਰੀ ਪੈਰਾ ਮਿਲਟਰੀ ਫੋਰਸਿਜ਼ ਦੀਆਂ ਕੰਪਨੀਆਂ ਵੱਲੋਂ ਸੂਬੇ ਭਰ ਵਿੱਚ ਸਾਂਝੇ ਤੌਰ 'ਤੇ ਸੀਪੀਜ਼/ਐਸਐਸਪੀਜ਼ ਦੀ ਅਗਵਾਈ ਵਿੱਚ ਫਲੈਗ ਮਾਰਚ ਕੱਢਿਆ ਗਿਆ। ਨਾਗਰਿਕਾਂ ਨੂੰ ਸ਼ਾਂਤੀ ਅਤੇ ਸਦਭਾਵਨਾ ਬਣਾਈ ਰੱਖਣ ਦੀ ਅਪੀਲ ਕਰਨ ਲਈ ਸੂਬੇ ਦੇ ਸਾਰੇ ਜ਼ਿਲ੍ਹਿਆਂ ਵਿੱਚ ਸਿਵਲ ਪ੍ਰਸ਼ਾਸਨ ਅਤੇ ਪੰਜਾਬ ਪੁਲਿਸ ਵੱਲੋਂ ਸਾਂਝੇ ਤੌਰ 'ਤੇ ਸ਼ਾਂਤੀ ਕਮੇਟੀ ਮੀਟਿੰਗਾਂ ਕੀਤੀਆਂ ਗਈਆਂ ।

ਬੁਲਾਰੇ ਨੇ ਅੱਗੇ ਕਿਹਾ ਕਿ ਜੇਕਰ ਕੋਈ ਗੁਮਰਾਹਕੁੰਨ ਖਬਰਾਂ, ਅਫਵਾਹਾਂ ਅਤੇ ਨਫਰਤੀ ਭਾਸ਼ਣ ਦਿੰਦਾ ਪਾਇਆ ਗਿਆ ਤਾਂ ਕਾਨੂੰਨ ਅਨੁਸਾਰ ਸਖਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਸਾਰੇ ਨਾਗਰਿਕਾਂ, ਮੀਡੀਆ ਕਰਮੀਆਂ ਅਤੇ ਸੋਸ਼ਲ ਮੀਡੀਆ ਪਲੇਟਫਾਰਮ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਜ਼ਿੰਮੇਵਾਰੀ ਨਾਲ ਕੰਮ ਕਰਨ ਅਤੇ ਵੱਖ-ਵੱਖ ਸੋਸ਼ਲ ਮੀਡੀਆ, ਇਲੈਕਟਰਾਨਿਕ ਮੀਡੀਆ ਅਤੇ ਪ੍ਰਿੰਟ ਮੀਡੀਆ ਪਲੇਟਫਾਰਮਾਂ 'ਤੇ ਉਨ੍ਹਾਂ ਦੁਆਰਾ ਸਾਂਝੀ ਕੀਤੀ ਜਾ ਰਹੀ ਸਮੱਗਰੀ ਅਤੇ ਤੱਥਾਂ ਦੀ ਪ੍ਰਮਾਣਿਕਤਾ ਦੀ ਬਾਰੀਕੀ ਨਾਲ ਜਾਂਚ ਕੀਤੀ ਜਾਵੇ।

ਉਨ੍ਹਾਂ ਨੇ ਸੂਬੇ ਦੇ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਉਹ ਝੂਠੀਆਂ ਖ਼ਬਰਾਂ ਅਤੇ ਅਫਵਾਹਾਂ 'ਤੇ ਧਿਆਨ ਨਾ ਦੇਣ ਅਤੇ ਪੁਲਿਸ ਨੂੰ ਸਹਿਯੋਗ ਕਰਨ। ਉਨ੍ਹਾਂ ਕਿਹਾ ਕਿ ਸੂਬੇ ਦੀ ਸ਼ਾਂਤੀ ਅਤੇ ਸਦਭਾਵਨਾ ਨੂੰ ਭੰਗ ਕਰਨ ਦੀ ਕੋਸ਼ਿਸ਼ ਕਰਨ ਵਾਲੇ ਸਾਰੇ ਸ਼ਰਾਰਤੀ ਅਨਸਰਾਂ ਨਾਲ ਸਖ਼ਤੀ ਨਾਲ ਨਿਪਟਿਆ ਜਾਵੇਗਾ। ਪੰਜਾਬ ਪੁਲਿਸ ਸੂਬੇ ਵਿੱਚ ਅਮਨ-ਸ਼ਾਂਤੀ ਤੇ ਕਾਨੂੰਨ ਵਿਵਸਥਾ ਕਾਇਮ ਰੱਖਣ ਲਈ ਵਚਨਬੱਧ ਹੈ।

## ਅੱਜ ਨਾਮਾ

ਪੱਛਮੀ ਮੁਲਕਾਂ ਦਾ ਬਹੁਤ ਦਬਾਅ ਵਧਿਆ,
ਸ਼ਿਕੰਜਾ ਰੂਸ ਲਈ ਸਖਤ ਆ ਹੋਈ ਜਾਂਦਾ।
ਯੂ ਐੱਨ ਕੌਂਸਲ ਪਾਬੰਦੀ ਜਿਹੀ ਲਾਈ ਜਾਵੇ,
ਦਰਵਾਜ਼ੇ ਆਪਣੇ ਯੂਰਪ ਪਿਆ ਢੋਈ ਜਾਂਦਾ।
ਭਾਰਤ ਅਜੇ ਵੀ ਹੋਇਆ ਨਹੀਂ ਕਿਸੇ ਪਾਸੇ,
ਰੂਸ ਨਾਲ ਸਿੱਧਾ ਫਿਰ ਚੀਨ ਖੜੋਈ ਜਾਂਦਾ।
ਵਾਰੰਟ ਸੰਸਾਰ ਦੀ ਕੋਰਟ ਵੀ ਭੇਜ ਰਹੀ ਆ,
ਪੂਤਿਨ ਅਮਰੀਕਾ ਦੀ ਕਰੀ ਬਦਖੋਈ ਜਾਂਦਾ।
ਕਰੀਮੀਆ ਵੰਨੀਂ ਜਾ ਪੁੱਜਿਆ ਕੱਲ੍ਹ ਪੂਤਿਨ,
ਅਗਲੇ ਮੋਰਚਿਆਂ ਦੇ ਚੱਕਰ ਲਾਉਣ ਮੀਆਂ।
ਖਿਝਦੇ-ਭੜਕਦੇ ਪੱਛਮ ਦੇ ਮੁਲਕ ਬਾਹਲਾ,
ਲੱਗਾ ਰਹਿੰਦਾ ਈ ਪੂਤਿਨ ਚਿੜਾਉਣ ਮੀਆਂ।

ਤੀਸ ਮਾਰ ਖਾਂ

# ਅਥਲੀਟ ਅਕਸ਼ਦੀਪ ਸਿੰਘ ਨੇ ਏਸ਼ੀਅਨ ਰੇਸ ਵਾਕਿੰਗ ਚੈਂਪੀਅਨਸ਼ਿਪ ਵਿੱਚ ਸੋਨੇ ਦਾ ਤਮਗ਼ਾ ਜਿੱਤਿਆ, ਖੇਡ ਮੰਤਰੀ ਮੀਤ ਹੇਅਰ ਨੇ ਦਿੱਤੀ ਮੁਬਾਰਕਬਾਦ

ਚੰਡੀਗੜ੍ਹ, 19 ਮਾਰਚ (ਪੋਸਟ ਬਿਊਰੋ): ਨੋਮੀ (ਜਪਾਨ) ਵਿਖੇ ਏਸ਼ੀਅਨ ਰੇਸ ਵਾਕਿੰਗ ਚੈਂਪੀਅਨਸ਼ਿਪ ਵਿੱਚ ਭਾਰਤ ਦੇ ਅਥਲੀਟ ਅਕਸ਼ਦੀਪ ਸਿੰਘ ਨੇ 20 ਕਿਲੋ ਮੀਟਰ ਪੈਦਲ ਤੋਰ ਵਿੱਚ ਸੋਨੇ ਦਾ ਤਮਗ਼ਾ ਜਿੱਤਿਆ। ਅਕਸ਼ਦੀਪ ਸਿੰਘ ਨੇ 1:20:57 ਦਾ ਸਮਾਂ ਕੱਢ ਕੇ ਇਹ ਪ੍ਰਾਪਤੀ ਹਾਸਲ ਕੀਤੀ।

ਪੰਜਾਬ ਦੇ ਖੇਡ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਨੇ ਅਥਲੀਟ ਅਕਸ਼ਦੀਪ ਸਿੰਘ ਨੂੰ ਇਸ ਪ੍ਰਾਪਤੀ ਉੱਤੇ ਮੁਬਾਰਕਬਾਦ ਦਿੱਤੀ। ਅਕਸ਼ਦੀਪ ਸਿੰਘ, ਉਸ ਦੇ ਮਾਪਿਆਂ ਤੇ ਕੋਚਾਂ ਨੂੰ ਵਧਾਈ ਦਿੰਦਿਆਂ ਇਸ ਪ੍ਰਾਪਤੀ ਦਾ ਸਿਹਰਾ ਉਸ ਦੀ ਸਖ਼ਤ ਮਿਹਨਤ ਅਤੇ ਕੋਚਿੰਗ ਨੂੰ ਦਿੱਤਾ। ਉਨ੍ਹਾਂ ਕਿਹਾ ਕਿ ਅਕਸ਼ਦੀਪ ਸਿੰਘ ਦਾ ਇਹ ਪਹਿਲਾ ਕੌਮਾਂਤਰੀ ਮੁਕਾਬਲਾ ਸੀ ਜਿਸ ਵਿੱਚ ਇਸ ਪ੍ਰਾਪਤੀ ਨਾਲ




ਏਸ਼ਿਆਈ ਖੇਡਾਂ, ਵਿਸ਼ਵ ਚੈਂਪੀਅਨਸ਼ਿਪ ਤੇ ਓਲੰਪਿਕ ਖੇਡਾਂ ਜਿਹੇ ਵੱਡੇ ਟੂਰਨਾਮੈਂਟ ਲਈ ਹੌਸਲਾ ਬੁਲੰਦ ਹੋਵੇਗਾ। ਖੇਡ ਮੰਤਰੀ ਨੇ ਅਕਸ਼ਦੀਪ ਸਿੰਘ ਨੂੰ ਸੁਨਹਿਰੀ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।

ਕਾਹਨੇਕੇ (ਬਰਨਾਲਾ) ਦੇ ਰਹਿਣ ਵਾਲੇ ਅਕਸ਼ਦੀਪ ਸਿੰਘ ਨੇ ਪਿੱਛੇ ਜਿਹੇ ਰਾਂਚੀ ਵਿਖੇ ਨੈਸ਼ਨਲ ਓਪਨ ਵਾਕਿੰਗ ਚੈਂਪੀਅਨਸ਼ਿਪ ਵਿੱਚ 20 ਕਿਲੋ ਮੀਟਰ ਪੈਦਲ ਤੋਰ ਵਿੱਚ ਨਵਾਂ ਨੈਸ਼ਨਲ ਰਿਕਾਰਡ ਬਣਾਉਂਦਿਆਂ ਪੈਰਿਸ ਓਲੰਪਿਕ ਖੇਡਾਂ-2024 ਲਈ ਕੁਆਲੀਫਾਈ ਕੀਤਾ ਸੀ। ਖੇਡ ਮੰਤਰੀ ਨੇ ਮੁੱਖ ਮੰਤਰੀ ਤਰਫੋਂ ਅਕਸ਼ਦੀਪ ਸਿੰਘ ਨੂੰ ਓਲੰਪਿਕਸ ਦੀ ਤਿਆਰੀ ਲਈ ਪੰਜ ਲੱਖ ਰੁਪਏ ਦਿੱਤੇ ਸਨ।

REXDALE FINANCIAL SERVICES
WE HELP YOU START, GROW AND SUCCEED
We bring Canada's leading lenders to you
The Mortgage Centre
I direct mortgages Inc.
21 Roysun Rd, #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ? ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ 'ਨਾਂਹ', ਅਸੀਂ ਕਰਾਂਗੇ 'ਹਾਂ'
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
Increase Your Cash Flow by up to 50%
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
Each Mortgage Centre is independently owned and operated
19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9

NATURAL HEALTH SOLUTIONS
Over 20 years Homeopathic/Holistic ways case solving experience
HOMEOPATHY / HOLISTIC ਵਿਧੀ ਰਾਹੀਂ ਬਿਮਾਰੀਆਂ ਦਾ ਇਲਾਜ ਕਰਨ ਦਾ 20 ਸਾਲ ਤੋਂ ਵੱਧ ਦਾ ਤਜੁਰਬਾ।
ABDOMINAL, METABOLIC, SKIN ਅਤੇ ਬੱਚਿਆਂ ਨਾਲ ਸੰਬੰਧਿਤ ਬਿਮਾਰੀਆਂ ਜਿਵੇਂ ਕੇ ਭੁੱਖ ਨਾ ਲੱਗਣਾ ਅਤੇ PSYCOLOGICAL ਸੱਮਸਿਆਵਾਂ ਨੂੰ ਠੀਕ ਕਰਨ ਦਾ ਤਜੁਰਬਾ।
ਜੇਕਰ ਕਿਤੋਂ ਹੋਰ ਇਲਾਜ ਨਹੀਂ ਹੋਇਆ ਤਾਂ ਸਾਡੇ ਨਾਲ ਸੰਪਰਕ ਕਰੋ -
ਤੁਹਾਡੀ ਭਾਸ਼ਾ ਬੋਲਦੇ - Hindi, Punjabi & English
ASHFAQ AHMAD (M.Sc.)
- Registered Ontario Homeopath
- Holistic Nutritionist
- Certified Herbalist
Phone: 647-779-5904
Address: 8 Camperdown Ave, Etobicoke.
Clinic hours: all appointment basis for client convenience

SherGill Law Firm
Barrister, Solicitor & Notary Public
Paramjit Singh Gill (MBA,LL.B.)
Tel: 905-790-3636
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
2565 Steeles Ave E Unit #20, Brampton, ON L6T 4L6
Emergency Contact:
416.910.5676
www.shergilllawfirm.ca

ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com

ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ
Super Visa
■ How your spouse can join you within 4-6 months
■ How your parents can join you
■ How students & skilled people can come to Canada
■ How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

ukttc UK TRUCK TRAINING CENTRE
PCC #179958
Registered as a Private Careers College
ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge
Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ
Forklift Training
Forklift $79 Recertification
Counterbalance
Reach Truck
ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs
20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾ ਦੀ ਸਪੈਸ਼ਲ ਟ੍ਰੇਨਿੰਗ
7542 Bath Rd, Mississauga, ON L4T 1L2, Off:905.673.7979
OPEN 7 DAYS
uktruck1@gmail.com
Jitpal Singh Deol
647-204-1936

# ਪੰਜਾਬ ਦੀ ਮੌਜੂਦਾ ਸਰਕਾਰ ਦਾ ਇੱਕ ਸਾਲ ਤੇ ਅੱਗੇ ਆ ਰਹੀਆਂ ਲੋਕ ਸਭਾ ਚੋਣਾਂ

ਜਤਿੰਦਰ ਪੰਨੂ

ਪੰਜਾਬ ਵਿੱਚ ਨਵੀਂ ਰਾਜਸੀ ਪਹੁੰਚਅਤੇ ਨਵੀਂ ਦਿੱਖ ਵਾਲੀ ਆਮ ਆਦਮੀ ਪਾਰਟੀ ਦੀਬੀਤੇ ਸਾਲ ਬਣੀ ਸਰਕਾਰ ਇਸ ਮਾਰਚ ਦੇ ਅੱਧ ਤੱਕ ਆਪਣਾ ਇੱਕ ਸਾਲ ਪੂਰਾ ਕਰ ਚੁੱਕੀ ਹੈ। ਹਰ ਹੋਰ ਸਰਕਾਰ ਵਾਂਗ ਇਸ ਦੇ ਪਹਿਲੇ ਸਾਲ ਦਾ ਲੇਖਾ-ਜੋਖਾ ਸਰਕਾਰ ਚਲਾਉਣ ਵਾਲਿਆਂ ਨੇ, ਮੁੱਖ ਮੰਤਰੀ ਭਗਵੰਤ ਮਾਨ ਤੇ ਉਸ ਦੇ ਮੰਤਰੀਆਂ ਨੇ ਪੇਸ਼ ਕੀਤਾ ਤੇ ਕਿਹਾ ਹੈ ਕਿ ਬਹੁਤ ਸਾਰਾ ਕੰਮ ਕਰ ਦਿੱਤਾ ਹੈ। ਵਿਰੋਧੀ ਧਿਰਾਂ ਨੇ ਇਹ ਕਹਿਣਨੂੰ ਦੇਰ ਨਹੀਂਕੀਤੀ ਕਿ ਸਰਕਾਰ ਨੇ ਕੀਤਾਕੱਖ ਵੀ ਨਹੀਂ, ਨਿਰੇ ਐਲਾਨ ਕੀਤੇ ਹਨ। ਭਾਰਤ ਦਾ ਸੰਵਿਧਾਨ ਦੋਵਾਂ ਧਿਰਾਂ ਨੂੰ ਆਪੋ-ਆਪਣੀ ਗੱਲ ਕਹਿਣ ਦਾ ਹੱਕਦੇਂਦਾ ਹੈ, ਸਗੋਂ ਸੰਵਿਧਾਨ ਤਾਂ ਹਰ ਕਿਸਮ ਦੇ ਆਧਾਰਹੀਣ ਦਾਅਵੇ ਕਰਨ ਅਤੇ ਆਧਾਰਹੀਣ ਦੋਸ਼ ਲਾਉਣਵਾਸਤੇ ਵੀ ਪੂਰਾ ਹੱਕ ਦੇਂਦਾ ਹੈ। ਪੰਜਾਬ ਦੇ ਰਾਜ ਬਾਰੇ ਇਸ ਤਰ੍ਹਾਂ ਦੇ ਦੋਵੇਂ ਰੰਗ ਵੇਖਣ ਅਤੇ ਸੁਣਨ ਨੂੰ ਮਿਲਦੇ ਪਏ ਹਨ, ਜਿਨ੍ਹਾਂ ਵਿੱਚੋਂ ਅਸਲੀ ਰੰਗ ਨੂੰ ਛਾਂਟਣਾ ਅਤੇ ਉਸ ਨੂੰ ਮੰਨਣਾ ਜਾਂ ਨਾ ਮੰਨਣਾ ਇਸ ਰਾਜ ਦੇ ਆਮ ਲੋਕਾਂ ਦੀ ਮਰਜ਼ੀ ਹੈ।

ਹਕੀਕਤ ਇਹ ਹੈ ਕਿ ਜੋ ਕੁਝ ਚੋਣਾਂ ਦੌਰਾਨ ਕਿਹਾ ਜਾਂਦਾ ਹੈ, ਕੋਈ ਵੀ ਸਰਕਾਰ ਉਹ ਸਾਰਾ ਕੁਝ ਕਰ ਸਕਣਦੇ ਯੋਗ ਕਦੀ ਹੋ ਹੀ ਨਹੀਂ ਸਕਦੀ ਤੇ ਇਸ ਗੱਲ ਦਾ ਦਾਅਵਾ ਕਰਨ ਵਾਲਿਆਂ ਨੂੰ ਵੀ ਪਤਾ ਹੁੰਦਾ ਹੈ। ਭਾਰਤੀ ਲੋਕਅੱਜ ਤੋਂ ਅੱਧੀ ਸਦੀ ਪਹਿਲਾਂ ਇੰਦਰਾ ਗਾਂਧੀ ਦੇ ਮੂੰਹੋਂ ਇਹ ਸੁਣ ਕੇ ਵੀ ਬਾਗੋ-ਬਾਗ ਹੋਏ ਸਨ ਕਿ ਗਰੀਬੀ ਦੇਸ਼ ਵਿੱਚੋਂ ਖਤਮ ਕਰ ਦੇਣੀ ਹੈ, ਪਰ ਉਸ ਨੇ ਗਰੀਬੀ ਹਟਾਉਣ ਵੱਲ ਮੂੰਹ ਹੀ ਨਹੀਂ ਸੀ ਕੀਤਾ। ਇਸ ਦਾਅਵੇ ਦੇ ਝੂਠਾ ਹੋਣਾ ਸਾਬਤ ਹੋਣ ਪਿੱਛੋਂ ਵੀ ਇੱਕ ਵਾਰੀ ਹਰਾਈ ਹੋਈ ਇੰਦਰਾ ਗਾਂਧੀ ਨੂੰ ਲੋਕਾਂ ਨੇ ਢਾਈ ਸਾਲ ਬਾਅਦ ਫਿਰ ਦੇਸ਼ ਦੀ ਸਰਕਾਰ ਬਣਾਉਣ ਲਈ ਵੋਟਾਂ ਪਾ ਦਿੱਤੀਆਂ ਸਨ।ਜਦੋਂ ਨੌਂ ਸਾਲ ਪਹਿਲਾਂ ਭਾਰਤੀ ਜਨਤਾ ਪਾਰਟੀ ਨੇ ਗੁਜਰਾਤ ਦੇ ਮੁੱਖ ਮੰਤਰੀ ਨਰਿੰਦਰ ਮੋਦੀ ਨੂੰ ਪ੍ਰਧਾਨ ਮੰਤਰੀ ਬਣਨ ਵਾਸਤੇ ਉਮੀਦਵਾਰ ਬਣਾਇਆ ਸੀ, ਉਸ ਨੇ ਹਰ ਨਾਗਰਿਕ ਦੇ ਬੈਂਕ ਖਾਤੇ ਵਿੱਚ ਤਿੰਨ-ਤਿੰਨ ਲੱਖ ਅਤੇ ਪੰਜ ਜੀਆਂ ਦੇ ਹਰ ਪਰਵਾਰ ਦੇ ਖਾਤੇ ਵਿੱਚ ਪੰਦਰਾਂ ਲੱਖ ਰੁਪਏ ਪਾਉਣ ਦਾ ਵਾਅਦਾ ਕੀਤਾ ਸੀ। ਬਾਅਦ ਵਿੱਚ ਉਹ ਖੁਦ ਮੂੰਹੋਂ ਨਹੀਂ ਸੀ ਬੋਲਿਆ, ਉਸ ਦੀ ਪਾਰਟੀ ਦੇ ਪ੍ਰਧਾਨ ਅਮਿਤ ਸ਼ਾਹ ਨੇ ਖੁੱਲ੍ਹ ਕੇ ਕਹਿ ਦਿੱਤਾ ਸੀ, 'ਵੋ ਏਕ ਚੁਨਾਵ ਜੁਮਲਾ ਥਾ, ਪੈਸੇ ਇਸ ਤਰਹ ਨਹੀਂ ਮਿਲਾ ਕਰਤੇ।' ਇਸ ਦੇ ਬਾਵਜੂਦ ਭਾਰਤ ਦੇ ਲੋਕਾਂ ਨੇ ਓਸੇ ਪ੍ਰਧਾਨ ਮੰਤਰੀ ਤੇ ਉਸ ਦੀ ਪਾਰਟੀ ਭਾਜਪਾ ਨੂੰ ਇੱਕ ਵਾਰ ਹੋਰ ਰਾਜ ਕਰਨ ਦਾ ਨਾ ਸਿਰਫ ਮੌਕਾ ਦਿੱਤਾ, ਸਗੋਂ ਹੋਰ ਵੱਧ ਵੋਟਾਂ ਅਤੇ ਸੀਟਾਂ ਨਾਲ ਉਸ ਦੀ ਤਾਕਤ ਪਹਿਲਾਂ ਤੋਂ ਮਜ਼ਬੂਤ ਕਰ ਦਿੱਤੀ ਸੀ। ਜਿਸ ਦੇਸ਼ ਵਿੱਚ ਏਨੇ ਫੋਕੇ ਦਾਅਵੇ ਕਰਨ ਪਿੱਛੋਂ ਬਹੁਤ ਆਰਾਮ ਨਾਲ ਇਨ੍ਹਾਂ ਉੱਤੇ ਕਾਟਾ ਮਾਰ ਦੇਣ ਦੇ ਬਾਅਦ ਵੀ ਵੋਟਾਂ ਅਤੇ ਸੀਟਾਂ ਵਧ ਸਕਦੀਆਂ ਹਨ, ਓਥੇ ਕੀਤੇ ਗਏ ਕੰਮਾਂ ਜਾਂ ਰਹਿ ਗਏ ਐਲਾਨਾਂ ਦੀਆਂ ਲਿਸਟਾਂ ਪੜ੍ਹਨਾ ਅਤੇ ਨੁਕਸ ਜਾਂ ਪ੍ਰਾਪਤੀਆਂ ਗਿਣਾਉਣਾ ਫਾਲਤੂ ਹੋ ਜਾਂਦਾ ਹੈ।

ਫਿਰ ਵੀ ਜਦੋਂ ਅਸੀਂ ਪੰਜਾਬ ਦੇ ਲੋਕਾਂ ਵੱਲੋਂ ਚੁਣੀ ਨਵੀਂ ਸਰਕਾਰ ਅਤੇ ਆਪਣੇ ਆਪ ਨੂੰ ਵੱਖਰੀ ਕਹਿਣ ਵਾਲੀ ਪਾਰਟੀ ਦੇ ਇੱਕ ਸਾਲਾ ਰਾਜ ਉੱਤੇ ਝਾਤੀ ਮਾਰਦੇ ਹਾਂ ਤਾਂ ਸਾਡਾਮਕਸਦ ਆਮ ਆਦਮੀ ਦੇ ਪੱਖ ਤੋਂ ਕਿਸੇ ਸਰਕਾਰ ਬਾਰੇ ਪੱਤਰਕਾਰੀ ਫਰਜ਼ ਮੁਤਾਬਕ ਤੋਲ-ਤੁਲਾਵਾ ਕਰਨਾ ਹੁੰਦਾ ਹੈ। ਪੰਜਾਬ ਦੀ ਭਗਵੰਤ ਮਾਨ ਸਰਕਾਰ ਨੇ ਇੱਕ ਸਾਲ ਦੌਰਾਨ ਜਿਹੜੇ ਕੰਮ ਕੀਤੇ ਦੱਸੇ ਹਨ, ਉਨ੍ਹਾਂ ਵਿੱਚੋਂ ਬਿਜਲੀ ਦੇ ਬਿੱਲਾਂ ਦੀ ਮੁਆਫੀ ਬਹੁਤ ਵੱਡਾ ਦਾਅਵਾ ਹੈ ਤੇ ਸਰਕਾਰ ਨੇ ਉਹ ਕੰਮ ਸਚਮੁੱਚ ਕੀਤਾ ਹੈ। ਕਿਸਾਨਾਂ ਨੂੰ ਪਿਛਲੀਆਂ ਸਰਕਾਰਾਂ ਦੇ ਰਾਜ ਵੇਲੇ ਦੇ ਗੰਨੇ ਵਾਲੇ ਜਾਂ ਹੋਰਬਕਾਏ ਦੇ ਦਿੱਤੇ ਹਨ ਅਤੇ ਅੱਗੋਂ ਲਈ ਗੰਨੇ ਦਾ ਭਾਅ ਭਾਰਤ ਵਿੱਚ ਸਭ ਤੋਂ ਵੱਧ ਐਲਾਨ ਕਰ ਦਿੱਤਾ ਹੈ। ਮੂੰਗੀ ਬੀਜ ਕੇ ਕਣਕ-ਝੋਨੇ ਦੇ ਗੇੜ ਵਿੱਚੋਂ ਨਿਕਲਣ ਦੀ ਪਹਿਲ ਕਰਨ ਵਾਲੇ ਕਿਸਾਨਾਂ ਲਈ ਐਲਾਨ ਕੀਤੀ ਗਈ ਘੱਟੋ-ਘੱਟ ਖਰੀਦ ਕੀਮਤ ਦਾ ਫਰਕ ਜਿੰਨਾ ਬਣਦਾ ਸੀ, ਉਹ ਪੈਸੇ ਕਿਸਾਨਾਂ ਨੂੰ ਦੇਣ ਦੀ ਗੱਲ ਵੀ ਠੀਕ ਜਾਪਦੀ ਹੈ। ਕੱਦੂ ਕਰਨ ਬਗੈਰ ਝੋਨਾ ਬੀਜਣ ਵਾਲਿਆਂ ਨੂੰ ਜਿੰਨੀ ਮਦਦ ਦੇਣੀ ਕੀਤੀ ਸੀ, ਉਹ ਵੀ ਦਿੱਤੀ ਜਾਪਦੀ ਹੈ ਅਤੇ ਏਦਾਂ ਦੇ ਕਈ ਹੋਰ ਕੰਮ ਕੀਤੇ ਹੋਣ ਦਾ ਦਾਅਵਾ ਵੀ ਇਹ ਸਰਕਾਰ ਕਰ ਸਕਦੀ ਹੈ। ਵਿਰੋਧੀ ਧਿਰ ਇਨ੍ਹਾਂ ਦਾਅਵਿਆਂ ਦੇ ਉਲਟ ਇਹ ਸਵਾਲ ਕਰਦੀ ਹੈ ਕਿ ਹਰ ਔਰਤ ਨੂੰ ਇੱਕ-ਇੱਕ ਹਜ਼ਾਰ ਰੁਪਏ ਹਰ ਮਹੀਨੇ ਦੇਣ ਦਾ ਵਾਅਦਾ ਹਾਲੇ ਤੱਕ ਪੂਰਾ ਕਿਉਂ ਨਹੀਂ ਕੀਤਾ! ਸਵਾਲ ਸਿਰ ਚੁੱਕ ਰਹੇ ਹੋਣ ਤਾਂ ਸਰਕਾਰ ਦੀਆਂ ਮਜਬੂਰੀਆਂ ਜੋ ਵੀ ਹੋਣ, ਲੋਕ ਉਨ੍ਹਾਂ ਲਈਦਿੱਤੀ ਹੋਈ ਗਾਰੰਟੀ ਉੱਤੇ ਅਮਲ ਲਈ ਜ਼ੋਰ ਪਾਉਣਗੇ ਹੀ।

ਦੂਸਰਾ ਪੱਖ ਇਸ ਸਰਕਾਰ ਦੇ ਖਜ਼ਾਨੇ ਦੀ ਹਾਲਤ ਦਾ ਹੈ, ਜਿਸ ਵਿੱਚ ਵਿਗਾੜ ਦੀ ਪ੍ਰਕਿਰਿਆ ਅੱਧੀ ਸਦੀ ਤੋਂ ਵੀ ਵੱਧ ਸਮੇਂ ਤੋਂ ਚੱਲਦੀ ਆਈ ਹੈ, ਪਰ ਇਸ ਦੇ ਸੁਧਾਰ ਦੀ ਕੋਸ਼ਿਸ਼ ਕਦੀ ਕਿਸੇ ਨੇ ਨਹੀਂ ਕੀਤੀ। ਮੌਜੂਦਾ ਸਰਕਾਰ ਬੇਸ਼ੱਕ ਕੁਝ ਵੀ ਕਹਿੰਦੀ ਹੋਵੇ, ਹਾਲਤ ਅਜੇ ਤੱਕ ਚੰਗੀ ਨਹੀਂ, ਕਿਉਂਕਿ ਪਿਛਲਿਆਂ ਵੱਲੋਂ ਸਿਰ ਚੜ੍ਹਾਏ ਕਰਜ਼ੇ ਦੀਆਂ ਕਿਸ਼ਤਾਂ ਦੇਣ ਦਾ ਬੋਝ ਹੀ ਸਾਹ ਨਹੀਂ ਲੈਣ ਦੇਂਦਾ। ਉਲਟਾ ਇਹ ਹੈ ਕਿ ਅਕਾਲੀ-ਭਾਜਪਾ ਸਰਕਾਰਆਪਣੇ ਅੰਤਲੇ ਸਾਲ ਜਿਹੜੇ ਉਨੱਤੀ ਹਜ਼ਾਰ ਕਰੋੜ ਰੁਪਏ ਕੇਂਦਰ ਸਰਕਾਰ ਤੋਂ ਕੈਸ਼ ਕਰੈਡਿਟ ਲਿਮਿਟ ਬਣਵਾ ਕੇ ਫਿਰ ਉਨ੍ਹਾਂ ਨੂੰ ਕਰਜ਼ੇ ਵਿੱਚ ਬਦਲ ਕੇ ਪਤਾ ਨਹੀਂ ਕਿਸ ਪਾਸੇ ਖੁਰਦ-ਬੁਰਦ ਕਰ ਗਈ ਸੀ, ਉਹ ਰੇੜਕਾ ਵੀ ਮੌਜੂਦਾ ਸਰਕਾਰ ਨੂੰ ਸਮੇਟਣਾ ਪਿਆ ਹੈ। ਇਸ ਤੋਂ ਪਿਛਲੀ ਕਾਂਗਰਸੀ ਸਰਕਾਰ ਨੇ ਆਪਣੇ ਪਹਿਲੇ ਸਾਲ ਦੇ ਬੱਜਟ ਮੌਕੇ ਕਿਹਾ ਸੀ ਕਿ ਅਕਾਲੀ-ਭਾਜਪਾ ਸਰਕਾਰ ਵੇਲੇ ਜਿਨ੍ਹਾਂ ਨੇ ਇਹ ਗਬਨ ਕੀਤਾ-ਕਰਾਇਆ ਸੀ, ਉਨ੍ਹਾਂ ਨੂੰ ਘੇਰਿਆ ਜਾਵੇਗਾ, ਪਰ ਬਾਅਦ ਵਿੱਚ ਦੁਵੱਲੇ ਸਮਝੌਤੇ ਕਰਨ ਦਾ ਰਾਹ ਫੜ ਕੇ ਗੱਲ ਆਈ-ਗਈ ਕਰ ਦਿੱਤੀ ਸੀ। ਨਵੀਂ ਸਰਕਾਰ ਨੂੰ ਜਦੋਂ ਕੇਂਦਰ ਸਰਕਾਰ ਨੇ ਅਗਲੇ ਕੰਮਾਂਵਾਸਤੇ ਕੈਸ਼ ਕਰੈਡਿਟ ਲਿਮਟ ਦੇਣ ਤੋਂ ਪਹਿਲਾਂ ਛੇ ਸਾਲ ਪੁਰਾਣਾ ਉਹ ਮੁੱਦਾ ਨਿਬੇੜਨ ਨੂੰ ਮਜਬੂਰ ਕੀਤਾ, ਜਿਹੜਾ ਅਮਰਿੰਦਰ ਸਿੰਘ ਦੀ ਸਰਕਾਰ ਦੌਰਾਨ ਫਾਈਲ ਹੇਠ ਦੱਬਿਆ ਰਿਹਾ ਸੀ ਤਾਂ ਉਸ ਮਜਬੂਰੀ ਦਾ ਕੌੜਾ ਘੁੱਟ ਵੀ ਇਸ ਸਰਕਾਰ ਨੂੰ ਭਰਨਾ ਪੈ ਜਾਣ ਕਾਰਨ ਇਸ ਦੀ ਹਾਲਤ ਏਡੀ ਛੇਤੀ ਸੁਧਰ ਹੀ ਨਹੀਂ ਸਕਦੀ। ਰੇਤ ਦੀਆਂ ਖੱਡਾਂ ਅਤੇ ਹੋਰ ਚਿਰਾਂ ਤੋਂ ਚੱਲੇਆਉਂਦੇ ਚੋਰ-ਮਘੋਰਿਆਂ ਦਾ ਸ਼ਿਕਾਰ ਹੋਏ ਖੇਤਰ ਨੂੰ ਜਦੋਂ ਇਸ ਸਰਕਾਰ ਨੇ ਸੰਭਾਲਣਾ ਚਾਹਿਆ ਤਾਂ ਉਸ ਦੇ ਵਿਰੁੱਧ ਅਦਾਲਤੀ ਸਟੇਅ ਆਰਡਰਾਂ ਅਤੇ ਕੇਂਦਰ ਸਰਕਾਰ ਜਾਂ ਸਿਆਸੀ ਧਿਰਾਂ ਦੇ ਅੜਿੱਕਿਆਂ ਨੇ ਸਰਕਾਰ ਦੀ ਪੇਸ਼ ਨਹੀਂ ਜਾਣ ਦਿੱਤੀ ਅਤੇ ਆਮਦਨ ਦੇ ਸਰੋਤ ਇੱਕ ਤਰ੍ਹਾਂ ਜਾਮ ਜਿਹੇ ਹੋਏ ਰਹੇ ਹਨ, ਪਰ ਹੌਲੀ-ਹੌਲੀ ਲੀਹੇ ਪੈਣ ਲੱਗੇ ਜਾਪਦੇ ਹਨ। ਅਗਲੇ ਸਾਲ ਵਿੱਚ ਸਰਕਾਰ ਕੁਝ ਕਰ ਕੇ ਵਿਖਾ ਸਕੇਗੀ ਕਿ ਨਹੀਂ, ਹਾਲ ਦੀ ਘੜੀ ਕੁਝ ਕਹਿਣਾ ਔਖਾ ਲੱਗਦਾ ਹੈ।

ਪੰਜਾਬ ਵਿੱਚ ਪਿਛਲੇ ਸੋਲਾਂ ਸਾਲਾਂ ਤੋਂ ਨਵੇਂ ਮੁਲਾਜ਼ਮਾਂ ਦੀ ਭਰਤੀ ਵਾਲਾ ਕੰਮ ਲਗਭਗ ਠੱਪ ਵਾਂਗਹੀ ਸੀ, ਕਦੇ-ਕਦਾਈਂ ਥੋੜ੍ਹੇ-ਬਹੁਤ ਮੁਲਾਜ਼ਮ ਭਰਤੀ ਕਰ ਕੇ ਬਾਕੀ ਕੱਚੇ ਜਾਂ ਠੇਕਾ ਆਧਾਰ ਉੱਤੇ ਕੰਮ ਕਰਨ ਵਾਲੇ ਰੱਖੇ ਜਾਂਦੇ ਸਨ। ਮੌਜੂਦਾ ਸਰਕਾਰ ਨੇ ਉਨ੍ਹਾਂ ਪੁਰਾਣੇ ਕੱਚੇ ਅਤੇ ਠੇਕੇ ਵਾਲੇ ਮੁਲਾਜ਼ਮਾਂ ਨੂੰ ਪੱਕੇ ਕਰਨ ਅਤੇ ਨਵੀਂ ਭਰਤੀ ਸਿਰਫ ਸਰਕਾਰੀ ਨਿਯਮ ਅਨੁਸਾਰ ਕਰਨ ਦਾ ਰਾਹ ਫੜਿਆ ਤਾਂ ਬੁਰੇ ਹਾਲ ਵਿੱਚ ਫਸੇ ਹੋਏ ਖਜ਼ਾਨੇ ਉੱਤੇ ਇਸ ਨਾਲ ਹੋਰ ਵਿੱਤੀ ਮਾਇਕ ਬੋਝ ਵਧਣਾ ਹੈ। ਮਿਸਾਲ ਵਜੋਂ ਪੰਜਾਬ ਪੁਲਸ ਦੇ ਅੱਸੀ ਹਜ਼ਾਰ ਦੇ ਕਰੀਬ ਛੋਟੇ-ਵੱਡੇ ਮੁਲਾਜ਼ਮ ਹੋਣ ਕਾਰਨ ਹਰ ਸਾਲ ਕਰੀਬ ਤਿੰਨ ਹਜ਼ਾਰ ਰਿਟਾਇਰ ਹੁੰਦੇ ਜਾਂ ਕਿਸੇ ਹੋਰ ਕਾਰਨ ਨੌਕਰੀ ਛੱਡ ਜਾਂਦੇ ਹਨ ਅਤੇ ਇਸ ਕਾਰਨ ਖਾਲੀ ਥਾਂਵਾਂ ਨਾਲੋ-ਨਾਲ ਭਰਨ ਦੀ ਲੋੜ ਹੁੰਦੀ ਹੈ। ਅਕਾਲੀ-ਭਾਜਪਾ ਸਰਕਾਰ ਨੇ 2012 ਤੋਂ ਪਿੱਛੋਂ ਪੁਲਸ ਦੀ ਭਰਤੀ ਰੋਕੀ ਰੱਖੀ ਤੇ ਜਦੋਂ ਅਗਲੀ ਚੋਣ ਵਿੱਚ ਇੱਕ ਸਾਲ ਰਹਿ ਗਿਆ ਤਾਂ 2016 ਵਿੱਚ ਅੱਠ ਹਜ਼ਾਰ ਤੋਂ ਵੀ ਘੱਟ ਨਵੀਂ ਭਰਤੀ ਕਰ ਲਈ ਸੀ, ਜਦ ਕਿ ਪੰਜ ਸਾਲਾਂ ਵਿੱਚ ਤਿੰਨ ਹਜ਼ਾਰ ਦੀ ਔਸਤ ਨਾਲ ਪੰਦਰਾਂ ਹਜ਼ਾਰ ਦੇ ਕਰੀਬ ਸੀਟਾਂ ਖਾਲੀ ਹੋ ਚੁੱਕੀਆਂ ਸਨ। ਫਿਰ ਕਾਂਗਰਸ ਸਰਕਾਰ ਦੇ ਰਾਜ ਦੌਰਾਨ ਏਨੀਆਂ ਕੁ ਹੋਰ ਸੀਟਾਂ ਖਾਲੀ ਹੋਣ ਦੇ ਬਾਵਜੂਦ ਅੰਤਲੇ ਸਾਲ ਦੋ ਹਜ਼ਾਰ ਤੋਂ ਵੀ ਘੱਟ ਮੁਲਾਜ਼ਮ, ਸਿਪਾਹੀਆਂ ਤੋਂ ਛੋਟੇ ਅਫਸਰਾਂ ਤੱਕ, ਭਰਤੀ ਕਰ ਕੇ ਡੰਗ ਸਾਰਿਆ ਗਿਆ ਸੀ। ਨਵੀਂ ਸਰਕਾਰ ਨੇ ਏਦਾਂ ਦੀ ਡੰਗ-ਟਪਾਈ ਦੀ ਥਾਂ ਪੱਕੀ ਭਰਤੀ ਕਰਨੀ ਹੈ ਤਾਂ ਪੰਜਾਬ ਦੇ ਖਜ਼ਾਨੇ ਦਾ ਇਸ ਨਾਲ ਵੀਬੋਝ ਵਧਣਾ ਹੈ।

ਅਮਨ-ਕਾਨੂੰਨ ਦੇ ਪੱਖੋਂ ਇਸ ਸਾਰਕਾਰਅੱਗੇ ਬਹੁਤ ਸਾਰੀਆਂ ਚੁਣੌਤੀਆਂ ਹਨ ਅਤੇ ਸਿਰਫ ਇਸ ਸਰਕਾਰ ਲਈ ਨਹੀਂ, ਪਿਛਲੀਆਂ ਸਰਕਾਰਾਂ ਨੂੰ ਵੀ ਇਹੀ ਚੁਣੌਤੀਆਂ ਪੇਸ਼ ਹੁੰਦੀਆਂ ਰਹੀਆਂ ਸਨ। ਜਿਹੜੀਆਂ ਜੇਲ੍ਹਾਂ ਵਿੱਚ ਅੱਧੀ ਸਦੀ ਤੋਂ ਵੱਧ ਸਮੇਂ ਤੋਂ ਬਦ-ਅਮਨੀ ਚੱਲੀ ਆਈ ਹੈ, ਮੌਜੂਦਾ ਸਰਕਾਰ ਆਪਣੇ ਇੱਕ ਸਾਲਾ ਰਾਜ ਵਿੱਚ ਉਨ੍ਹਾਂ ਨੂੰ ਅਪਰਾਧੀਆਂ ਦੇ ਅੱਡੇ ਬਣਨ ਜਾਂ ਨਵੇਂ ਅਪਰਾਧੀ ਪੈਦਾ ਕਰਨ ਦਾ ਟਰੇਨਿੰਗ ਸਕੂਲ ਬਣੇ ਰਹਿਣੋਂ ਰੋਕਣ ਜੋਗੀ ਨਹੀਂ ਹੋ ਸਕੀ। ਕਾਰਨ ਇਹ ਵੀ ਹੈ ਕਿ ਪੰਜਾਬ ਦੀ ਸਿਵਲ ਤੇ ਪੁਲਸ ਅਫਸਰਸ਼ਾਹੀ ਦਾ ਵੱਡਾ ਹਿੱਸਾ ਇੱਕ ਸਾਲ ਲੰਘਣ ਪਿੱਛੋਂ ਵੀ ਇਸ ਸਰਕਾਰ ਦੀਥਾਂ ਪਹਿਲੀਆਂ ਸਰਕਾਰਾਂ ਵੇਲੇ ਦੀਆਂ ਸਿਆਸੀ ਸਾਂਝਾਂ ਦੀ ਤਾਰਾਂ ਨਾਲ ਬੱਝਾ ਪਿਆ ਹੈ। ਇਸ ਦਾ ਇੱਕ ਵੱਡਾ ਸਬੂਤ ਓਦੋਂ ਮਿਲਿਆ, ਜਦੋਂ ਪੰਜਾਬ ਦੇ ਸਿਵਲ ਅਧਿਕਾਰੀਆਂ, ਪੀ ਸੀ ਐੱਸ ਅਫਸਰਾਂ, ਨੇ ਇੱਕ ਦਿਨ ਹੜਤਾਲ ਕਰਨ ਦਾ ਐਲਾਨ ਕਰ ਦਿੱਤਾ ਅਤੇ ਉਨ੍ਹਾਂ ਦੀ ਹਮਾਇਤ ਵਿੱਚ ਆਈ ਏ ਐੱਸ ਅਫਸਰਾਂ ਨੇ ਵੀ ਖੜੇ ਪੈਰ ਆਪਣੀ ਮੀਟਿੰਗ ਰੱਖ ਲਈ। ਉਸ ਦਿਨ ਪਹਿਲੀ ਵਾਰੀ ਮੌਜੂਦਾ ਸਰਕਾਰ ਨਾ ਸਿਰਫ ਸਰਕਾਰ ਦੇ ਅਸਲੀ ਅਰਥਾਂ ਵਿੱਚ ਸਾਹਮਣੇ ਆਈ ਤੇ ਸਿਵਲ ਅਫਸਰਾਂ ਨੂੰ ਚਾਰ ਘੰਟਿਆਂ ਦੇ ਅੰਦਰ ਕੰਮ ਉੱਤੇ ਮੁੜਨਾ ਪਿਆ ਸੀ, ਸਗੋਂ ਕੇਂਦਰ ਸਰਕਾਰ ਵੀ ਇਸ ਦੇ ਇਸ ਕਦਮ ਤੋਂ ਖੁਸ਼ ਹੋਣ ਦੇ ਚਰਚੇ ਸਨ, ਕਿਉਂਕਿ ਇਹ ਬਿਮਾਰੀ ਦੂਸਰੇ ਰਾਜਾਂ ਵਿੱਚ ਵੀ ਪਹੁੰਚਣ ਦਾ ਡਰ ਸੀ। ਪੰਜਾਬ ਦੇ ਵਿਰੋਧੀ ਧਿਰਾਂ ਦੇ ਕੁਝ ਲੀਡਰ ਇਹ ਗੱਲ ਵੀ ਖੁੱਲ੍ਹੇ ਤੌਰ ਉੱਤੇ ਕਹੀ ਜਾਂਦੇ ਸਨ ਕਿ ਸਰਕਾਰ ਭਗਵੰਤ ਮਾਨ ਦੀ ਹੋਣ ਦੇ ਬਾਵਜੂਦ ਅਫਸਰ ਅਜੇ ਤੱਕ ਸਾਡੇ ਕਹੇ ਮੁਤਾਬਕ ਚੱਲਦੇ ਹਨ। ਇਹ ਕਹਿਣ ਦਾ ਅਰਥ ਅਸਲ ਵਿੱਚ ਇਹੀ ਨਿਕਲਦਾ ਹੈ ਕਿ ਸਰਕਾਰ ਦੇ ਕੰਮ ਵਿੱਚ ਜਿਹੜੇ ਅੜਿੱਕੇ ਪੈ ਰਹੇ ਹਨ, ਉਹ ਇਹ ਵਿਰੋਧੀ ਲੀਡਰ ਹੀ ਕਿਸੇ ਤਰ੍ਹਾਂ ਪਵਾ ਰਹੇ ਹੋ ਸਕਦੇ ਹਨ।

ਅਗਲੇ ਸਾਲ ਲੋਕ ਸਭਾ ਚੋਣਾਂ ਹੋਣ ਵਾਲੀਆਂ ਹਨ। ਪਿਛਲਾ ਤਜਰਬਾ ਇਹ ਹੈ ਕਿ ਪੰਜਾਬ ਦੀ ਹਰ ਸਰਕਾਰ ਸੱਤਾ ਸਾਂਭਣ ਤੋਂ ਦੋ ਸਾਲ ਬਾਅਦ ਹੋਈਆਂ ਲੋਕ ਸਭਾਂ ਚੋਣਾਂ ਵਿੱਚ ਬਹੁਤੀ ਭੱਲ ਨਹੀਂ ਖੱਟ ਸਕੀ। ਅਕਾਲੀ-ਭਾਜਪਾ ਦੀ ਪਹਿਲੀ ਸਾਂਝੀ ਸਰਕਾਰ 1997 ਵਿੱਚ ਬਣੀ ਸੀ ਅਤੇ 1999 ਦੀਆਂ ਚੋਣਾਂ ਦੌਰਾਨ ਅਕਾਲੀ ਦਲ ਦੀਆਂ ਦੋ ਅਤੇ ਭਾਜਪਾ ਦੀਇੱਕ ਸੀਟ ਆਈ ਅਤੇ ਦਸ ਸੀਟਾਂ ਵਿਰੋਧੀ ਲੈ ਗਏ ਸਨ। ਅਗਲੀ ਸਰਕਾਰ ਕੈਪਟਨ ਅਮਰਿੰਦਰ ਸਿੰਘ ਦੀ ਬਣੀ ਤਾਂ ਦੋ ਸਾਲਾਂ ਬਾਅਦ 2004 ਵਿੱਚ ਕਾਂਗਰਸ ਨੂੰ ਸਿਰਫ ਦੋ ਮਿਲੀਆਂ ਅਤੇ ਅਕਾਲੀ-ਭਾਜਪਾ ਗਿਆਰਾਂ ਜਿੱਤਣ ਵਿੱਚ ਕਾਮਯਾਬ ਹੋ ਗਏ ਸਨ। ਅਕਾਲੀ-ਭਾਜਪਾ ਦੀ ਅਗਲੀ ਸਰਕਾਰ ਬਣਨ ਦੇ ਬਾਅਦ 2009 ਵਿੱਚ ਅਕਾਲੀ ਦਲ ਮਸਾਂ ਚਾਰ ਸੀਟਾਂ ਤੇ ਭਾਜਪਾ ਇੱਕ ਸੀਟ ਜਿੱਤ ਸਕੀ ਸੀ ਤੇ ਕਾਂਗਰਸ ਅੱਠ ਸੀਟਾਂ ਜਿੱਤ ਗਈ ਸੀ। ਸਾਲ 2012 ਵਿੱਚ ਲਗਾਤਾਰ ਦੂਸਰੀ ਵਾਰ ਜਿੱਤਣ ਪਿੱਛੋਂ ਚੜ੍ਹਤ ਵਿੱਚ ਆਏ ਅਕਾਲੀ-ਭਾਜਪਾ ਗੱਠਜੋੜ ਨੂੰ ਦੋ ਸਾਲ ਪਿੱਛੋਂ 2014 ਵਿੱਚ ਹੋਈਆਂ ਲੋਕ ਸਭਾ ਚੋਣਾਂ ਵਿੱਚ ਫਿਰ ਸੱਟ ਪਈ ਸੀ। ਕਾਂਗਰਸ ਨੂੰ ਤਿੰਨ ਸੀਟਾਂ ਮਿਲੀਆਂ ਤੇ ਚਾਰ ਸੀਟਾਂ ਨਵੀਂ ਬਣੀ ਆਮ ਆਦਮੀ ਪਾਰਟੀ ਲੈ ਗਈ ਸੀ, ਅਕਾਲੀਆਂ ਨੂੰ ਚਾਰ ਤੇ ਭਾਜਪਾ ਨੂੰ ਦੋ ਸੀਟਾਂ, ਯਾਨੀ ਤੇਰਾਂ ਵਿੱਚੋਂ ਅੱਧ ਤੋਂ ਵੀ ਘੱਟ ਮਿਲੀਆਂ ਸਨ। ਇਹ ਤਜਰਬਾ ਅਗਲੇ ਸਾਲ ਲੋਕ ਸਭਾ ਚੋਣਾਂ ਮੌਕੇ ਵੀ ਦੁਹਰਾਇਆ ਜਾ ਸਕਦਾ ਹੈ। ਲੋਕ ਕਿਸੇ ਦੇ ਖਰੀਦੇ ਹੋਏ ਨਹੀਂ, ਹਰ ਵਾਰ ਆਪਣੇ ਹਿੱਤਾਂ ਨੂੰ ਵੀ ਵੇਖਦੇ ਤੇ ਵੇਲੇ ਦੀ ਰਾਜ ਸਰਕਾਰ ਦੇ ਕੀਤੇ ਕੰਮਾਂ ਜਾਂ ਪੂਰੇ ਕੀਤੇ ਵਾਅਦਿਆਂ ਨੂੰ ਯਾਦ ਰੱਖ ਕੇ ਵੋਟ ਪਾਉਣ ਜਾਂਦੇ ਹਨ। ਸਰਕਾਰ ਚਲਾ ਰਹੀ ਪਾਰਟੀ ਬੇਸ਼ੱਕ ਲੱਖ ਵਾਰੀ ਕਹੀ ਜਾਵੇ ਕਿ ਉਸ ਅੱਗੇ ਮਜਬੂਰੀਆਂ ਬਹੁਤ ਸਨ, ਲੋਕ ਬਹੁਤੀ ਵਾਰੀ ਇਸ ਬਾਰੇ ਸੋਚਣ ਦੇਣ ਦੀ ਬਜਾਏ ਵਿਰੋਧੀ ਧਿਰ ਵੱਲੋਂ ਉਭਾਰੇ ਗਏ ਉਨ੍ਹਾਂ ਮੁੱਦਿਆਂ ਤੋਂ ਵੱਧ ਪ੍ਰਭਾਵਤ ਹੁੰਦੇ ਹਨ, ਜਿਨ੍ਹਾਂ ਵਿੱਚ ਸਰਕਾਰ ਦੀਆਂ ਕਮਜ਼ੋਰੀਆਂ ਗਿਣਾਈਆਂ ਜਾਂਦੀਆਂ ਹਨ। ਇਸ ਵਕਤ ਦੀ ਸਰਕਾਰ ਨੂੰ ਵੀ ਪਿਛਲਾ ਤਜਰਬਾ ਧਿਆਨ ਵਿੱਚ ਰੱਖ ਕੇ ਚੱਲਣਾ ਹੋਵੇਗਾ, ਨਹੀਂ ਤਾਂ ਜਿਹੜੇ ਹਾਲਾਤ ਵਿੱਚੋਂ ਅਕਾਲੀ-ਭਾਜਪਾ ਤੇ ਕਾਂਗਰਸ ਦੀਆਂ ਸਰਕਾਰਾਂ ਨੂੰ ਸੱਤਾ ਸੰਭਾਲਣ ਦੇ ਦੋ ਸਾਲ ਬਾਅਦ ਲੰਘਣਾ ਪੈਂਦਾ ਰਿਹਾ ਹੈ, ਉਨ੍ਹਾਂ ਹਾਲਾਤ ਲਈ ਇਸ ਸਰਕਾਰ ਅਤੇ ਸਰਕਾਰ ਚਲਾ ਰਹੀ ਪਾਰਟੀ ਨੂੰ ਵੀ ਤਿਆਰ ਹੋਣਾ ਪੈ ਸਕਦਾ ਹੈ। ਇਸ ਵਹਿਮ ਵਿੱਚ ਰਹਿਣਾ ਇਸ ਸਰਕਾਰ ਦੇ ਲਈ ਘਾਟੇਵੰਦਾ ਹੋਵੇਗਾ ਕਿ ਉਸ ਦੀ ਹਰ ਗੱਲ ਲੋਕ ਪੂਰੀ ਦੀ ਪੂਰੀ ਮੰਨ ਲੈਂਦੇ ਹਨ। ਪੰਜਾਬੀ ਦਾ ਮੁਹਾਵਰਾ ਹੈ ਕਿ 'ਹਸਾਏ ਦਾ ਨਾਂਅ ਨਹੀਂ ਹੁੰਦਾ, ਰੁਆਏ ਦਾ ਚੇਤਾ ਨਹੀਂ ਭੁੱਲਦਾ ਹੁੰਦਾ'। ਇਹੀ ਮੁਹਾਵਰਾ ਪਿਛਲੇ ਸਮਿਆਂ ਵਿੱਚ ਇਸ ਰਾਜ ਵਿੱਚ ਸਿਆਸੀ ਖੇਤਰ ਵਿੱਚ ਵੀ ਲਾਗੂ ਹੁੰਦਾ ਵੇਖਿਆ ਗਿਆ ਹੈ ਅਤੇ ਜਿਹੜੀ ਵੀ ਸਰਕਾਰ ਆਈ ਸੀ, ਉਸ ਨੇ ਇਸ ਦਾ ਚੇਤਾ ਭੁਲਾ ਕੇ ਬਾਅਦ ਵਿੱਚ ਮਾਰ ਖਾਣ ਵਾਲੇ ਹਾਲਾਤ ਭੁਗਤੇ ਹਨ। ਅੱਗੋਂ ਸਰਕਾਰ ਚਲਾਉਣ ਵਾਲਿਆਂ ਦੀ ਮਰਜ਼ੀ।

ੴ
ਸੰਤ ਬਾਬਾ ਸੰਤ ਰਾਮ ਜੀ ਦੀ ਸਾਲਾਨਾ ਬਰਸੀ ਦੇ ਸੰਬੰਧ ਵਿਚ 7 ਅਪ੍ਰੈਲ ਤੋਂ 9 ਅਪ੍ਰੈਲ ਤੱਕ ਹੋਣਗੇ ਸਮਾਗਮ



ਸੰਤ ਸਮਾਗਮ
ਪਿੰਡ ਚੀਮਨਾ ਦੇ ਸਮੂੰਹ ਨਗਰ ਅਤੇ ਇਲਾਕਾ ਨਿਵਾਸੀਆਂ ਵਲੋਂ ਸੰਤ ਬਾਬਾ ਸੰਤ ਰਾਮ ਜੀ ਦੀ ਸਾਲਾਨਾ ਬਰਸੀ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਮਿਤੀ 7 ਅਪ੍ਰੈਲ ਤੋਂ 9 ਅਪ੍ਰੈਲ 2023 ਨੂੰ ਸ੍ਰੀ ਗੁਰ ਨਾਨਕ ਸਿੱਖ ਸੈਂਟਰ, 99 ਗਲੀਡਨ ਰੋਡ, ਬਰੈਂਪਟਨ ਵਿਖੇ ਮਨਾਈ ਜਾ ਰਹੀ ਹੈ। ਸਮੂਹ ਸੰਗਤ ਅਤੇ ਇਲਾਕਾ ਨਿਵਾਸੀਆਂ ਨੂੰ ਨਿਮਰਤਾ ਸਹਿਤ ਬੇਨਤੀ ਹੈ ਕਿ ਸਮਾਗਮ ਵਿਚ ਹਾਜ਼ਿਰ ਹੋ ਕੇ ਲਾਹਾ ਲੈਣ ਅਤੇ ਗੁਰੂਘਰ ਦੀਆਂ ਖੁਸ਼ੀਆਂ ਪ੍ਰਾਪਤ ਕਰੋ ਜੀ।
ਪ੍ਰੋਗਰਾਮ ਦਾ ਵੇਰਵਾ
ਆਰੰਭ ਸ੍ਰੀ ਆਖੰਡ ਪਾਠ ਸਾਹਿਬ
ਮਿਤੀ 7 ਅਪਰੈਲ 2023 ਦਿਨ ਸ਼ੁਕਰਵਾਰ ਸਵੇਰੇ 9 ਵਜੇ
ਭੋਗ ਸ੍ਰੀ ਅਖੰਡ ਪਾਠ ਸਾਹਿਬ
ਮਿਤੀ 9 ਅਪ੍ਰੈਲ 2023 ਦਿਨ ਐਤਵਾਰ ਸਵੇਰੇ 10 ਵਜੇ
ਉਪਰੰਤ ਕੀਰਤਨ, ਕਥਾ ਅਤੇ ਢਾਡੀ ਦਰਵਾਰ ਹੋਵੇਗਾ
ਗੁਰੂ ਕਾ ਲੰਗਰ ਅਤੁਟ ਵਰਤੇਗਾ ਜੀ

ਬਾਬਾਣੀਆ ਕਹਾਣੀਆ ਪੁਤ ਸਪੁਤ ਕਰੇਨਿ॥
RSFO Ramgarhia Sikh Foundation of Ontario
Ramgarhia Sikh Foundation of Ontario
10th International Award 2023
Dedicated to the 300th Birth Anniversary of Maharaja Jassa Singh Ramgarhia
300 ਸਾਲਾ ਮਹਾਰਾਜਾ ਰਾਮਗੜ੍ਹੀਆ ਦੇ ਨਾਮ

| | | |
|---|---|---|
| 19th May | Welcoming Guests | 10am |
| 19th May | Lunch | 1pm to 3pm |
| 20th May | Seminar | 10am to 4pm |
| 21th May | Presentation of Awards | 10am to 4pm |

on Friday, 19th May 2023
10:00am to 6:00pm
Century Gardens Recreations Complex (Auditorium 1)
340 Vodden Street East, Brampton, ON, L6V 2N2



Bhupinder Singh Seera (647) 833-6960
Ravinder Pal Singh Sond (647) 403-6767
Gurucharan Singh (Dubai) (416) 845-1019
Mohinder Singh Kundi (647) 294-1669
Harpal Singh Matharu (416) 579 3817
Jaswinder Singh Bhachu (416) 728 2776
Baldev Singh Mankoo (647) 2089729
Karnail Singh Marwaha (416) 567 5159

Daljit S. Gaidhu, Chairman, 416-305-9878
Jasbir S. Sehmbi, Vice Chairman, 437-774-1410
Manjit S. Bhachu, President, 416-275-2374
Jarnail S. Matharu, Treasurer, 416-409-6207
Hardial S. Jheeta, General Secretary, 647-409-8915

Address: 7956 Torbram Road #40, Bldg-B, Brampton, ON, L6T 5A2, Canada

# ਸੋਨੇ ਦੀ ਖਾਣ 'ਚ ਕੰਮ ਕਰ ਰਹੇ ਚੀਨੀ ਨਾਗਰਿਕਾਂ 'ਤੇ ਬੰਦੂਕਧਾਰੀਆਂ ਵਲੋਂ ਹਮਲਾ, 9 ਦੀ ਮੌਤ

ਬੀਜਿੰਗ, 19 ਮਾਰਚ (ਪੋਸਟ ਬਿਊਰੋ): ਐਤਵਾਰ ਨੂੰ ਮੱਧ ਅਫਰੀਕੀ ਗਣਰਾਜ ਵਿੱਚ ਚੀਨ ਦੁਆਰਾ ਸੰਚਾਲਿਤ ਸੋਨੇ ਦੀ ਖਾਣ ਵਿੱਚ ਬੰਦੂਕਧਾਰੀਆਂ ਨੇ ਹਮਲਾ ਕਰ ਦਿੱਤਾ। ਇਸ ਹਮਲੇ 'ਚ ਖਾਣ 'ਚ ਕੰਮ ਕਰ ਰਹੇ 9 ਚੀਨੀ ਨਾਗਰਿਕਾਂ ਦੀ ਮੌਤ ਹੋ ਗਈ ਅਤੇ ਦੋ ਹੋਰ ਜ਼ਖਮੀ ਹੋ ਗਏ। ਮੀਡੀਆ ਰਿਪੋਰਟਾਂ ਮੁਤਾਬਕ ਚੀਨ ਦੀ ਕੰਪਨੀ ਨੇ ਹਾਲ ਹੀ 'ਚ ਇਸ ਖਾਣ 'ਚ ਕੰਮ ਸ਼ੁਰੂ ਕੀਤਾ ਸੀ। ਪੀੜਤਾਂ ਦੀਆਂ ਲਾਸ਼ਾਂ ਨੂੰ ਬਾਅਦ ਵਿਚ ਰਾਜਧਾਨੀ ਬਾਂਗੁਈ ਲਿਆਂਦਾ ਗਿਆ। ਸਥਾਨਕ ਅਧਿਕਾਰੀਆਂ ਨੇ ਦੱਸਿਆ ਕਿ ਹਮਲਾਵਰਾਂ ਦੀ ਭਾਲ ਕੀਤੀ ਜਾ ਰਹੀ ਹੈ। ਨਿਵਾਸੀਆਂ ਦਾ ਕਹਿਣਾ ਹੈ ਕਿ ਹਿੰਸਾ ਦੀ ਤਾਜ਼ਾ ਘਟਨਾ ਸੁਰੱਖਿਆ ਬਲਾਂ ਵਿੱਚ ਵਿਸ਼ਵਾਸ ਦੀ ਕਮੀ ਨੂੰ ਦਰਸਾਉਂਦੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਕੇਂਦਰੀ ਅਫਰੀਕੀ ਅਤੇ ਦੇਸ਼ ਵਿੱਚ ਰਹਿੰਦੇ ਵਿਦੇਸ਼ੀ ਨਾਗਰਿਕਾਂ ਦੀ ਰੱਖਿਆ ਕਰਨ ਵਿੱਚ ਅਸਫਲ ਜਾਪਦੀ ਹੈ।



ਹਾਲਾਂਕਿ ਕਿਸੇ ਵੀ ਸੰਗਠਨ ਨੇ ਇਸ ਹਮਲੇ ਦੀ ਜ਼ਿੰਮੇਵਾਰੀ ਨਹੀਂ ਲਈ ਹੈ, ਪਰ ਬਾਗੀ ਸਮੂਹਾਂ ਦੇ ਗਠਜੋੜ ਪੈਟ੍ਰੀਅਟਸ ਫਾਰ ਚੇਂਜ ਜਾਂ ਸੀਪੀਸੀ 'ਤੇ ਸ਼ੱਕ ਜਤਾਇਆ ਜਾ ਰਿਹਾ ਹੈ। ਜੋ ਇਸ ਖਿੱਤੇ ਵਿੱਚ ਸਰਗਰਮ ਹੈ ਅਤੇ ਲਗਾਤਾਰ ਦੇਸ਼ ਦੀਆਂ ਹਥਿਆਰਬੰਦ ਸੈਨਾਵਾਂ 'ਤੇ ਹਮਲੇ ਕਰਦਾ ਰਿਹਾ ਹੈ। ਬਾਗੀ ਸਮੂਹਾਂ ਦਾ ਗੱਠਜੋੜ ਸਾਬਕਾ ਰਾਸ਼ਟਰਪਤੀ ਫ੍ਰਾਂਸਵਾ ਬੋਜੀਗੇ ਵੱਲ ਝੁਕ ਰਿਹਾ ਹੈ। ਪਰ ਸੀਪੀਸੀ ਨੇ ਇੱਕ ਬਿਆਨ ਜਾਰੀ ਕਰਕੇ ਵੈਗਨਰ ਸਮੂਹ ਦੇ ਰੂਸੀ ਕਿਰਾਏਦਾਰਾਂ ਉੱਤੇ ਹਿੰਸਾ ਦੇ ਪਿੱਛੇ ਹੋਣ ਦਾ ਦੋਸ਼ ਲਗਾਇਆ ਹੈ। ਹਾਲਾਂਕਿ ਉਸ ਨੇ ਕੋਈ ਸਬੂਤ ਨਹੀਂ ਦਿੱਤਾ ਹੈ।

ਮੀਡੀਆ ਰਿਪੋਰਟਾਂ ਮੁਤਾਬਕ ਬੰਦੂਕਧਾਰੀਆਂ ਨੇ ਸਵੇਰੇ ਕਰੀਬ 5 ਵਜੇ ਚਿੰਬੋਲੋ ਸੋਨੇ ਦੀ ਖਾਣ 'ਤੇ ਹਮਲਾ ਕੀਤਾ। ਬੰਦੂਕਧਾਰੀਆਂ ਨੇ ਪਹਿਲਾਂ ਘਟਨਾ ਵਾਲੀ ਥਾਂ 'ਤੇ ਤਾਇਨਾਤ ਸੁਰੱਖਿਆ ਗਾਰਡਾਂ 'ਤੇ ਕਾਬੂ ਪਾਇਆ ਅਤੇ ਗੋਲੀਆਂ ਚਲਾ ਦਿੱਤੀਆਂ। ਅਧਿਕਾਰੀਆਂ ਨੇ ਦੱਸਿਆ ਕਿ ਮਾਈਨਿੰਗ ਸਾਈਟ ਦਾ ਉਦਘਾਟਨ ਕੁਝ ਦਿਨ ਪਹਿਲਾਂ ਹੀ ਹੋਇਆ ਸੀ। ਅਧਿਕਾਰੀਆਂ ਦਾ ਕਹਿਣਾ ਹੈ ਕਿ ਚੀਨੀ ਵਪਾਰੀਆਂ 'ਤੇ ਹਮਲਾ ਬਾਗੀਆਂ ਦੀ ਕਾਇਰਤਾ ਨੂੰ ਦਰਸਾਉਂਦਾ ਹੈ।

# ਇਕਵਾਡੋਰ, ਪੇਰੂ 'ਚ ਆਇਆ 6.8 ਤੀਬਰਤਾ ਦਾ ਭੂਚਾਲ, 12 ਲੋਕਾਂ ਦੀ ਮੌਤ

ਲਿਮਾ, 19 ਮਾਰਚ (ਪੋਸਟ ਬਿਊਰੋ): ਸ਼ਨੀਵਾਰ ਨੂੰ ਪੇਰੂ ਅਤੇ ਇਕਵਾਡੋਰ ਵਿਚ ਆਏ ਸ਼ਕਤੀਸ਼ਾਲੀ ਭੂਚਾਲ ਵਿਚ ਘੱਟ ਤੋਂ ਘੱਟ 12 ਲੋਕਾਂ ਦੀ ਮੌਤ ਹੋ ਗਈ। ਜਦਕਿ ਇਕ ਵਿਅਕਤੀ ਜ਼ਖਮੀ ਹੋ ਗਿਆ। ਇਸ ਦੇ ਨਾਲ ਹੀ ਭੂਚਾਲ 'ਚ ਕਈ ਇਮਾਰਤਾਂ ਨੂੰ ਨੁਕਸਾਨ ਪਹੁੰਚਿਆ ਹੈ। ਇਕਵਾਡੋਰ ਦੇ ਮਾਚਲਾ ਅਤੇ ਕੁਏਨਕਾ ਵਰਗੇ ਸ਼ਹਿਰਾਂ ਵਿਚ ਨੁਕਸਾਨੀਆਂ ਗਈਆਂ ਇਮਾਰਤਾਂ, ਕੁਚਲੇ ਵਾਹਨ ਅਤੇ ਮਲਬਾ ਦੇਖਿਆ ਜਾ ਸਕਦਾ ਹੈ। ਹਾਲਾਂਕਿ ਬਚਾਅ ਅਧਿਕਾਰੀ ਮਦਦ ਲਈ ਪਹੁੰਚੇ। ਪਰ ਸਥਾਨਕ ਲੋਕ ਘਬਰਾ ਕੇ ਸੜਕਾਂ 'ਤੇ ਆ ਗਏ।



ਸੰਯੁਕਤ ਰਾਜ ਭੂ-ਵਿਗਿਆਨਕ ਸਰਵੇਖਣ ਨੇ ਭੂਚਾਲ ਦੀ ਤੀਬਰਤਾ 6.8 ਅਤੇ ਇਸਦੀ ਡੂੰਘਾਈ 41 ਮੀਲ (66 ਕਿਲੋਮੀਟਰ) ਮਾਪੀ। ਭੂਚਾਲ ਸਥਾਨਕ ਸਮੇਂ ਅਨੁਸਾਰ 12:12 ਵਜੇ ਆਇਆ। ਅਧਿਕਾਰੀਆਂ ਨੇ ਦੱਸਿਆ ਕਿ ਇਸ ਦਾ ਕੇਂਦਰ ਪੇਰੂ ਦੀ ਸਰਹੱਦ ਦੇ ਨੇੜੇ ਬਾਲਾਓ ਦੀ ਇਕਵਾਡੋਰ ਦੀ ਨਗਰਪਾਲਿਕਾ ਵਿੱਚ ਸੀ।

ਇਕਵਾਡੋਰ ਦੇ ਰਾਸ਼ਟਰਪਤੀ ਨੇ ਇਕ ਟਵੀਟ 'ਚ ਕਿਹਾ, "ਹੁਣ ਤੱਕ 12 ਮੌਤਾਂ ਦੀ ਖਬਰ ਹੈ।" ਸੋਸ਼ਲ ਮੀਡੀਆ ਰਿਪੋਰਟਾਂ 'ਚ ਕਿਹਾ ਗਿਆ ਹੈ ਕਿ ਗੁਆਯਾਕਿਲ, ਕੁਇਟੋ, ਮਾਨਾਬੀ ਅਤੇ ਮਾਨਤਾ ਸਮੇਤ ਹੋਰ ਸ਼ਹਿਰਾਂ 'ਚ ਵੀ ਭੂਚਾਲ ਦੇ ਝਟਕੇ ਮਹਿਸੂਸ ਕੀਤੇ ਗਏ। ਇਕਵਾਡੋਰ ਦੇ ਰਾਸ਼ਟਰਪਤੀ ਗੁਲੇਰਮੋ ਲਾਸੋ ਨੇ ਟਵਿੱਟਰ 'ਤੇ ਇਕ ਸੰਦੇਸ਼ ਵਿਚ ਲੋਕਾਂ ਨੂੰ "ਸ਼ਾਂਤ ਰਹਿਣ" ਦੀ ਅਪੀਲ ਕੀਤੀ।

ਐਲਉਰੋ ਸੂਬੇ ਵਿਚ ਤਿੰਨ ਲੋਕਾਂ ਦੇ ਮਾਰੇ ਜਾਣ ਦੀ ਖ਼ਬਰ ਹੈ। ਪੇਰੂ ਦੇ ਭੂਚਾਲ ਵਿਗਿਆਨੀ ਅਧਿਕਾਰੀਆਂ ਨੇ ਸ਼ੁਰੂ ਵਿੱਚ 7.0 ਦੀ ਤੀਬਰਤਾ ਦੀ ਰਿਪੋਰਟ ਕੀਤੀ, ਪਰ ਬਾਅਦ ਵਿੱਚ ਇਸਨੂੰ ਘਟਾ ਕੇ 6.7 ਕਰ ਦਿੱਤਾ। ਪੇਰੂ ਦੇ ਰਾਸ਼ਟਰੀ ਭੂਚਾਲ ਕੇਂਦਰ ਦੇ ਮੁਖੀ, ਹਰਨਾਂਡੋ ਟਵੇਰਾ ਨੇ ਆਰਪੀਪੀ ਰੇਡੀਓ ਨੂੰ ਭਰੋਸਾ ਦਿਵਾਇਆ ਕਿ ਦੇਸ਼ ਵਿੱਚ "ਸੰਰਚਨਾਵਾਂ ਜਾਂ ਲੋਕਾਂ ਨੂੰ ਕੋਈ ਮਹੱਤਵਪੂਰਨ ਨੁਕਸਾਨ" ਨਹੀਂ ਹੋਇਆ ਹੈ। 4.8 ਦਾ ਪਹਿਲਾ ਝਟਕਾ ਬਾਲਾਓ, ਇਕਵਾਡੋਰ ਵਿੱਚ ਦਰਜ ਕੀਤਾ ਗਿਆ ਸੀ। ਇਕਵਾਡੋਰ ਦੀ ਜਲ ਸੈਨਾ ਨੇ ਕਿਹਾ ਕਿ ਸੁਨਾਮੀ ਦਾ ਕੋਈ ਖ਼ਤਰਾ ਨਹੀਂ ਹੈ।

# ਤਾਲਿਬਾਨ ਰਾਜ ਵਿੱਚ 50 ਫੀਸਦੀ ਅਫਗਾਨ ਪੱਤਰਕਾਰ ਹੋਏ ਬੇਰੁਜ਼ਗਾਰ, ਲਗਭਗ ਅੱਧੇ ਮੀਡੀਆ ਹਾਊਸ ਬੰਦ

ਕਾਬੁਲ, 19 ਮਾਰਚ (ਪੋਸਟ ਬਿਊਰੋ): ਅਫਗਾਨਿਸਤਾਨ ਦੇ ਟੋਲੋ ਨਿਊਜ਼ ਨੈਸ਼ਨਲ ਐਸੋਸ਼ੀਏਸ਼ਨ ਆਫ ਜਰਨਲਿਸਟਸ ਵੱਲੋਂ ਜਾਰੀ ਰਿਪੋਰਟ ਮੁਤਾਬਕ ਦੇਸ਼ ਵਿੱਚ ਤਾਲਿਬਾਨ ਦੇ ਸੱਤਾ ਵਿੱਚ ਆਉਣ ਤੋਂ ਬਾਅਦ ਕਈ ਬਦਲਾਅ ਦੇਖਣ ਨੂੰ ਮਿਲੇ ਹਨ। ਇਸ ਵਿੱਚ ਇੱਕ ਵੱਡੀ ਤਬਦੀਲੀ ਇਹ ਹੈ ਕਿ ਦੇਸ਼ ਵਿੱਚ 50 ਫੀਸਦੀ ਤੋਂ ਵੱਧ ਪੱਤਰਕਾਰਾਂ ਦੀ ਨੌਕਰੀ ਚਲੀ ਗਈ ਹੈ ਅਤੇ ਲਗਭਗ ਅੱਧੇ ਮੀਡੀਆ ਆਊਟਲੈੱਟ ਬੰਦ ਹੋ ਗਏ ਹਨ। ਇਸ ਦੇ ਕਈ ਕਾਰਨ ਹਨ, ਜਿਨ੍ਹਾਂ ਵਿੱਚੋਂ ਇੱਕ ਹੈ ਵਿੱਤੀ ਸੰਕਟ। ਇਹ ਜਾਣਕਾਰੀ ਰਾਸ਼ਟਰੀ ਪੱਤਰਕਾਰ ਦਿਵਸ ਦੇ ਮੌਕੇ 'ਤੇ ਪ੍ਰਕਾਸ਼ਿਤ ਰਿਪੋਰਟ ਤੋਂ ਸਾਹਮਣੇ ਆਈ ਹੈ।



ਜ਼ਿਕਰਯੋਗ ਹੈ ਕਿ ਦੇਸ਼ 'ਚ ਤਾਲਿਬਾਨ ਦੇ ਦਾਖਲੇ ਤੋਂ ਬਾਅਦ ਕਈ ਬਦਲਾਅ ਦੇਖਣ ਨੂੰ ਮਿਲੇ ਹਨ ਅਤੇ ਕਈ ਵਿਵਾਦਤ ਫ਼ਰਮਾਨ ਵੀ ਜਾਰੀ ਕੀਤੇ ਗਏ ਹਨ। ਤਾਜ਼ਾ ਖਬਰਾਂ ਮੁਤਾਬਕ ਤਾਲਿਬਾਨ ਨੇ ਦੇਸ਼ ਦੇ ਦੋ ਸੂਬਿਆਂ 'ਚ ਗਰਭ ਨਿਰੋਧਕ ਦਵਾਈਆਂ ਦੀ ਵਿਕਰੀ 'ਤੇ ਪਾਬੰਦੀ ਲਗਾ ਦਿੱਤੀ ਹੈ। ਸਾਰੇ ਦਵਾਈਆਂ ਦੇ ਦੁਕਾਨਦਾਰਾਂ ਨੂੰ ਚੇਤਾਵਨੀ ਵੀ ਜਾਰੀ ਕੀਤੀ ਗਈ ਹੈ, ਇਸ ਨੂੰ ਪੱਛਮੀ ਦੇਸ਼ਾਂ ਦੀ ਸਾਜ਼ਿਸ਼ ਦੱਸਿਆ ਜਾ ਰਿਹਾ ਹੈ।

ਤਾਲਿਬਾਨ ਨੂੰ ਲੱਗਦਾ ਹੈ ਕਿ ਇਹ ਗਰਭ ਨਿਰੋਧਕ ਮੁਸਲਿਮ ਆਬਾਦੀ ਨੂੰ ਕੰਟਰੋਲ ਕਰਨ ਲਈ ਵਰਤੇ ਜਾਂਦੇ ਹਨ। ਇਸ ਕਾਰਨ ਉਨ੍ਹਾਂ ਨੇ ਘਰ-ਘਰ ਜਾ ਕੇ ਚੇਤਾਵਨੀ ਦਿੱਤੀ ਹੈ ਕਿ ਇਨ੍ਹਾਂ ਦਵਾਈਆਂ ਦੀ ਕਿਸੇ ਵੀ ਹਾਲਤ ਵਿੱਚ ਵਰਤੋਂ ਨਾ ਕੀਤੀ ਜਾਵੇ। ਦੁਕਾਨਦਾਰਾਂ ਨੂੰ ਵੀ ਧਮਕੀ ਦਿੱਤੀ ਗਈ ਹੈ, ਅਜਿਹੀ ਕੋਈ ਵੀ ਦਵਾਈ ਸਟਾਕ ਵਿੱਚ ਨਹੀਂ ਰੱਖਣ ਦਿੱਤੀ ਜਾ ਰਹੀ ਹੈ। ਇਸ ਤੋਂ ਇਲਾਵਾ ਲੜਕੀਆਂ ਦੀ ਪੜ੍ਹਾਈ ਉਤੇ ਵੀ ਪਾਬੰਦੀ ਦਾ ਫਰਮਾਨ ਜਾਰੀ ਕੀਤਾ ਗਿਆ।

# ਭਾਰਤ-ਬੰਗਲਾਦੇਸ਼ ਸਰਹੱਦ 'ਤੇ 2.78 ਕਰੋੜ ਰੁਪਏ ਦੇ ਸੋਨੇ ਦੇ ਬਿਸਕੁਟਾਂ ਸਮੇਤ ਤਸਕਰ ਗ੍ਰਿਫਤਾਰ

ਕਲਕੱਤਾ, 19 ਮਾਰਚ (ਪੋਸਟ ਬਿਊਰੋ): ਬੀਐਸਐਫ ਨੇ ਭਾਰਤ-ਬੰਗਲਾਦੇਸ਼ ਉੱਤਰੀ 24 ਪਰਗਨਾ ਸਰਹੱਦ 'ਤੇ ਇੱਕ ਤਸਕਰ ਨੂੰ 40 ਸੋਨੇ ਦੇ ਬਿਸਕੁਟਾਂ ਸਮੇਤ ਗ੍ਰਿਫਤਾਰ ਕੀਤਾ ਹੈ। ਸੋਨੇ ਦੀ ਕੀਮਤ 2.78 ਕਰੋੜ ਤੋਂ ਵੱਧ ਦੱਸੀ ਜਾਂਦੀ ਹੈ। ਦੱਖਣੀ ਬੰਗਾਲ ਫਰੰਟੀਅਰ ਦੇ ਪਬਲਿਕ ਰਿਲੇਸ਼ਨ ਅਫਸਰ ਨੇ ਦੱਸਿਆ ਕਿ ਸ਼ਨੀਵਾਰ ਸ਼ਾਮ ਕਰੀਬ 6.30 ਵਜੇ ਦੱਖਣੀ ਬੰਗਾਲ ਫਰੰਟੀਅਰ ਦੇ ਅਧੀਨ ਆਈਸੀਪੀ ਪੈਟਰਾਪੋਲ, 145 ਕੋਰ ਦੇ ਜਵਾਨਾਂ ਨੇ ਅੰਤਰਰਾਸ਼ਟਰੀ ਸਰਹੱਦ 'ਤੇ ਟਰੱਕ ਡਰਾਈਵਰ ਦੇ ਰੂਪ ਵਿੱਚ ਪੇਸ਼ ਕੀਤੇ ਇੱਕ ਤਸਕਰ ਨੂੰ 4667 ਗ੍ਰਾਮ ਸੋਨੇ ਦੇ 40 ਬਿਸਕੁਟਾਂ ਸਮੇਤ ਗ੍ਰਿਫਤਾਰ ਕੀਤਾ। ਜ਼ਬਤ ਕੀਤੇ ਗਏ ਸੋਨੇ ਦੀ ਕੁੱਲ ਕੀਮਤ 2,78,57,561 ਰੁਪਏ ਹੈ।



ਜਾਣਕਾਰੀ ਅਨੁਸਾਰ ਜਵਾਨਾਂ ਨੂੰ ਸੂਚਨਾ ਮਿਲੀ ਸੀ ਕਿ ਇੱਕ ਟਰੱਕ ਡਰਾਈਵਰ ਤਸਕਰ ਵਜੋਂ ਆਈਸੀਪੀ ਪੈਟਰਾਪੋਲ ਰਾਹੀਂ ਬੰਗਲਾਦੇਸ਼ ਤੋਂ ਭਾਰਤ ਵਿੱਚ ਸੋਨਾ ਤਸਕਰੀ ਕਰਨ ਜਾ ਰਿਹਾ ਹੈ। ਬੀਐਸਐਫ ਅਧਿਕਾਰੀਆਂ ਦੀਆਂ ਹਦਾਇਤਾਂ ਅਨੁਸਾਰ ਜਵਾਨਾਂ ਦੀ ਸਰਚ ਟੀਮ ਬਣਾਈ ਗਈ। ਥੋੜ੍ਹੀ ਦੇਰ ਬਾਅਦ ਇੱਕ ਸ਼ੱਕੀ ਬੰਗਲਾਦੇਸ਼ੀ ਟਰੱਕ ਆਈਸੀਪੀ ਪੈਟਰਾਪੋਲ ਰਾਹੀਂ ਭਾਰਤ ਵਿੱਚ ਦਾਖਲ ਹੋਇਆ। ਬੀਐਸਐਫ ਦੀ ਸਰਚ ਟੀਮ ਨੇ ਉਕਤ ਟਰੱਕ ਨੂੰ ਤਲਾਸ਼ੀ ਲਈ ਰੋਕਿਆ।

ਦਰਅਸਲ, ਟਰੱਕ ਵਿੱਚ ਬੰਗਲਾਦੇਸ਼ ਤੋਂ ਭਾਰਤ ਵਿੱਚ ਮੱਛੀਆਂ ਲਿਆਂਦੀਆਂ ਜਾ ਰਹੀਆਂ ਸਨ। ਜਵਾਨਾਂ ਨੇ ਪੂਰੇ ਟਰੱਕ ਦੀ ਬਾਰੀਕੀ ਨਾਲ ਤਲਾਸ਼ੀ ਲਈ। ਤਲਾਸ਼ੀ ਦੌਰਾਨ ਮੱਛੀ ਦੇ ਡੱਬੇ ਦੇ ਹੇਠਾਂ ਤੋਂ ਸੋਨੇ ਦੇ 40 ਬਿਸਕੁਟ ਬਰਾਮਦ ਹੋਏ। ਦੇ ਜਵਾਨਾਂ ਨੇ ਤੁਰੰਤ ਟਰੱਕ ਡਰਾਈਵਰ ਨੂੰ ਟਰੱਕ ਅਤੇ ਸੋਨੇ ਸਮੇਤ ਕਾਬੂ ਕਰ ਲਿਆ ਅਤੇ ਅਗਲੇਰੀ ਪੁੱਛਗਿੱਛ ਲਈ ਬੀਐਸਐਫ ਕੈਂਪ ਵਿੱਚ ਲਿਆਂਦਾ। ਫੜੇ ਗਏ ਤਸਕਰ ਦੀ ਪਛਾਣ ਸੁਸ਼ੰਕਰ ਦਾਸ, ਜ਼ਿਲ੍ਹਾ ਸਤਖੀਰਾ, ਬੰਗਲਾਦੇਸ਼ ਵਜੋਂ ਹੋਈ ਹੈ।

# ਰਾਜਸਥਾਨ ਪੁਲਿਸ ਦੀ ਵੱਡੀ ਕਾਰਵਾਈ, ਲਾਰੈਂਸ ਗੈਂਗ ਦੇ 8 ਸਾਥੀ ਗ੍ਰਿਫਤਾਰ



ਜੈਪੁਰ, 19 ਮਾਰਚ (ਪੋਸਟ ਬਿਊਰੋ): ਰਾਜਸਥਾਨ ਪੁਲਿਸ ਨੇ ਗੈਂਗਸਟਰ ਲਾਰੈਂਸ ਬਿਸ਼ਨੋਈ ਗੈਂਗ ਦੇ 8 ਮੈਂਬਰਾਂ ਨੂੰ ਗ੍ਰਿਫਤਾਰ ਕੀਤਾ ਹੈ। ਇਸ ਵਿੱਚ ਪਿਉ-ਪੁੱਤ ਦੀ ਜੋੜੀ ਵੀ ਸ਼ਾਮਲ ਹੈ। ਪੁਲੀਸ ਨੇ ਇਨ੍ਹਾਂ ਵਿਅਕਤੀਆਂ ਕੋਲੋਂ 2.25 ਕਿਲੋ ਸੋਨਾ, 1.98 ਕਿਲੋ ਚਾਂਦੀ, 21 ਮੋਬਾਈਲ ਫੋਨ ਅਤੇ ਕਈ ਵਾਹਨ ਬਰਾਮਦ ਕੀਤੇ ਹਨ। ਦੋ ਥਾਣਿਆਂ ਦੀ ਪੁਲਿਸ ਨੇ ਇਹ ਕਾਰਵਾਈ ਕੀਤੀ ਹੈ। ਇਸ ਵਿੱਚ 100 ਪੁਲੀਸ ਮੁਲਾਜ਼ਮਾਂ ਸਮੇਤ ਪੁਲੀਸ ਵਿਭਾਗ ਦੇ ਦਰਜਨ ਤੋਂ ਵੱਧ ਸੀਨੀਅਰ ਅਧਿਕਾਰੀ ਸ਼ਾਮਲ ਸਨ। ਮਾਮਲੇ ਸਬੰਧੀ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਹੈ।

ਜਾਣਕਾਰੀ ਮੁਤਾਬਕ ਪਾਲੀ ਜ਼ਿਲੇ ਦੇ ਰੋਹਤ ਅਤੇ ਪਾਲੀ ਥਾਣੇ ਦੀ ਪੁਲਸ ਨੇ ਐਤਵਾਰ ਨੂੰ ਲਾਰੇਂਸ ਬਿਸ਼ਨੋਈ ਗੈਂਗ ਦੇ 8 ਲੋਕਾਂ ਨੂੰ ਗ੍ਰਿਫਤਾਰ ਕੀਤਾ ਹੈ। ਰੋਹਿਤ ਦੇ ਨਿੰਬਲੀ ਪਟੇਲਨ ਅਤੇ ਜੋਧਪੁਰ ਦੇ ਰਾਮੇਸ਼ਵਰ ਨਗਰ ਵਿਖੇ ਲਾਰੈਂਸ ਗੈਂਗ ਦੇ ਮੈਂਬਰ ਅਨਿਲ ਖਿਲੇਰੀ ਦੇ ਟਿਕਾਣਿਆਂ 'ਤੇ ਛਾਪੇਮਾਰੀ ਕੀਤੀ ਗਈ। ਇਸ ਦੌਰਾਨ ਪੁਲਿਸ ਨੇ ਨਿੰਬਲੀ ਪਟੇਲਨ ਤੋਂ ਅਨਿਲ ਖਿਲੇਰੀ ਦੇ ਪਿਤਾ ਜੈਰਾਮ ਖਿਲੇਰੀ, ਉਸਦੇ ਭਰਾ ਸੁਨੀਲ ਖਿਲੇਰੀ, ਅਨਿਲ ਵਿਸ਼ਨੋਈ ਦੇ ਪਿਤਾ ਜੈਰਾਮ ਅਤੇ ਸੁਨੀਲ ਵਿਸ਼ਨੋਈ ਨੂੰ ਹਿਰਾਸਤ ਵਿੱਚ ਲੈ ਲਿਆ। ਕੁੱਲ 8 ਲੋਕਾਂ ਨੂੰ ਹਿਰਾਸਤ 'ਚ ਲਿਆ ਗਿਆ ਹੈ।

ਛਾਪੇਮਾਰੀ ਦੌਰਾਨ ਪੁਲਿਸ ਨੇ ਰੇਤ ਦੇ ਨਜਾਇਜ਼ ਡੰਪ ਕੀਤੇ 10 ਟਰੱਕ, ਕਰੋੜਾਂ ਰੁਪਏ ਦੀ ਨਜਾਇਜ਼ ਰੇਤ ਦਾ ਕਾਰੋਬਾਰ, ਗੈਰਕਾਨੂੰਨੀ ਅਫੀਮ ਅਤੇ ਇੱਕ ਸਾਈਕਲ ਵੀ ਜ਼ਬਤ ਕੀਤਾ ਹੈ। ਪੁਲਿਸ ਟੀਮ ਅਨੁਸਾਰ ਨਜਾਇਜ਼ ਰੇਤ ਮਿਲਣ ਤੋਂ ਬਾਅਦ ਮਾਈਨਿੰਗ ਵਿਭਾਗ ਨੂੰ ਇਸ ਦੀ ਸੂਚਨਾ ਦੇ ਦਿੱਤੀ ਗਈ ਹੈ।

# ਪਾਣੀ ਭਰਦੇ ਸਮੇਂ ਬੱਚੀ ਖੂਹ 'ਚ ਡਿੱਗੀ, ਬਚਾਉਣ ਗਿਆ ਪਿਤਾ ਤੇ ਦੂਜੀ ਬੇਟੀ ਵੀ ਡੁੱਬੇ, ਤਿੰਨਾਂ ਦੀ ਮੌਤ

ਰਾਏਸੇਨ, 19 ਮਾਰਚ (ਪੋਸਟ ਬਿਊਰੋ): ਮੱਧ ਪ੍ਰਦੇਸ਼ ਦੇ ਰਾਏਸੇਨ 'ਚ ਪਾਣੀ ਭਰਨ ਲਈ ਖੂਹ 'ਤੇ ਗਈਆਂ ਦੋ ਬੇਟੀਆਂ ਸਮੇਤ ਪਿਤਾ ਦੀ ਵੀ ਡੁੱਬਣ ਨਾਲ ਮੌਤ ਹੋ ਗਈ। ਰਿਪੋਰਟ ਮੁਤਾਬਕ ਬੇਗਮਗੰਜ ਇਲਾਕੇ 'ਚ ਖੂਹ 'ਤੇ ਪਾਣੀ ਭਰਦੇ ਸਮੇਂ ਇਕ ਬੇਟੀ ਡੁੱਬ ਗਈ ਤਾਂ ਪਿਤਾ ਅਤੇ ਦੂਜੀ ਬੇਟੀ ਨੇ ਵੀ ਉਸ ਨੂੰ ਬਚਾਉਣ ਲਈ ਛਾਲ ਮਾਰ ਦਿੱਤੀ ਪਰ ਉਹ ਵੀ ਡੁੱਬ ਗਏ।



ਘਟਨਾ ਸੁਲਤਾਨਗੰਜ ਥਾਣਾ ਖੇਤਰ ਦੇ ਪਿੰਡ ਟੇਕਾਪਰ ਕਰਨਸਿੰਘ ਦੀ ਹੈ ਜਿੱਥੇ ਮ੍ਰਿਤਕ ਕਿਸਾਨ ਰਾਮਲਾਲ ਚੱਧਰ ਤਿੰਨ ਬੇਟੀਆਂ ਨਾਲ ਆਪਣੇ ਖੇਤ 'ਤੇ ਕੰਮ ਕਰਨ ਗਿਆ ਸੀ। ਖੇਤ 'ਚ ਬਣੇ ਖੂਹ 'ਚੋਂ ਪਾਣੀ ਭਰਦੇ ਸਮੇਂ ਉਸ ਦੀ 11 ਸਾਲਾ ਬੇਟੀ ਸੇਫਲੀ ਦਾ ਪੈਰ ਤਿਲਕ ਗਿਆ ਅਤੇ ਉਹ ਖੂਹ 'ਚ ਡਿੱਗ ਗਈ। ਉਸ ਨੂੰ ਬਚਾਉਣ ਲਈ ਉਸ ਦੀ 9 ਸਾਲਾ ਭੈਣ ਵੈਸ਼ਾਲੀ ਨੇ ਖੂਹ ਵਿੱਚ ਛਾਲ ਮਾਰ ਦਿੱਤੀ। ਆਪਣੀਆਂ ਧੀਆਂ ਨੂੰ ਖੂਹ 'ਚ ਡੁੱਬਦਾ ਦੇਖ ਕੇ ਕਿਸਾਨ ਰਾਮਲਾਲ ਚੱਧਰ ਨੇ ਵੀ ਛਾਲ ਮਾਰ ਦਿੱਤੀ ਅਤੇ ਤਿੰਨੋਂ ਖੂਹ 'ਚ ਡੁੱਬ ਗਏ। ਮ੍ਰਿਤਕ ਦੀ 7 ਸਾਲਾ ਬੇਟੀ ਸ਼ੁਭੀ ਇਸ ਘਟਨਾ ਨੂੰ ਦੇਖਦੀ ਰਹੀ ਅਤੇ ਰੋਂਦੀ ਰਹੀ।

ਉਸੇ ਸਮੇਂ ਇੱਕ ਰਾਹਗੀਰ ਨੇ ਆ ਕੇ ਲੜਕੀ ਨੂੰ ਪੁੱਛਿਆ ਤਾਂ ਉਸਨੇ ਦੱਸਿਆ ਕਿ ਮੇਰੀਆਂ ਭੈਣਾਂ ਅਤੇ ਪਿਤਾ ਦੋਵੇਂ ਖੂਹ ਵਿੱਚ ਡੁੱਬ ਗਏ ਹਨ। ਰਾਹਗੀਰ ਨੇ ਪਿੰਡ ਵਾਸੀਆਂ ਨੂੰ ਸੂਚਨਾ ਦਿੱਤੀ ਅਤੇ ਮੌਕੇ 'ਤੇ ਲੋਕਾਂ ਦੀ ਭੀੜ ਇਕੱਠੀ ਹੋ ਗਈ। ਪਿੰਡ ਵਾਸੀਆਂ ਨੇ ਤਿੰਨਾਂ ਨੂੰ ਖੂਹ 'ਚੋਂ ਬਾਹਰ ਕੱਢਿਆ ਪਰ ਉਦੋਂ ਤੱਕ ਸਾਰਿਆਂ ਦੀ ਮੌਤ ਹੋ ਚੁੱਕੀ ਸੀ।

ਘਟਨਾ ਦੀ ਸੂਚਨਾ ਪੁਲਸ ਨੂੰ ਦਿੱਤੀ ਗਈ। ਪੁਲਿਸ ਨੇ ਮੌਕੇ 'ਤੇ ਪਹੁੰਚ ਕੇ ਤਿੰਨੋਂ ਲਾਸ਼ਾਂ ਨੂੰ ਪੋਸਟਮਾਰਟਮ ਲਈ ਭੇਜ ਦਿੱਤਾ ਹੈ। ਪੁਲਿਸ ਨੇ ਮਾਮਲਾ ਦਰਜ ਕਰਕੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ। ਤਿੰਨਾਂ ਦੀਆਂ ਲਾਸ਼ਾਂ ਦਾ ਪਿੰਡ ਟੇਕਾਪਰ ਵਿੱਚ ਇਕੱਠੇ ਸਸਕਾਰ ਕਰ ਦਿੱਤਾ ਗਿਆ। ਹਾਦਸੇ ਤੋਂ ਬਾਅਦ ਪਰਿਵਾਰਕ ਮੈਂਬਰਾਂ ਦਾ ਰੋ-ਰੋ ਕੇ ਬੁਰਾ ਹਾਲ ਹੈ।

# ਜੰਮੂ-ਕਸ਼ਮੀਰ ਦੇ ਪੁਣਛ 'ਚ ਕੈਬ ਖੱਡ 'ਚ ਡਿੱਗੀ, ਸਕੂਲੀ ਵਿਦਿਆਰਥੀਆਂ ਸਮੇਤ 14 ਜ਼ਖਮੀ

ਪੁਣਛ/ਜੰਮੂ, 19 ਮਾਰਚ (ਪੋਸਟ ਬਿਊਰੋ): ਜੰਮੂ-ਕਸ਼ਮੀਰ ਦੇ ਪੁਣਛ ਜ਼ਿਲ੍ਹੇ ਵਿਚ ਐਤਵਾਰ ਨੂੰ ਲੋਕਾਂ ਨਾਲ ਭਰੀ ਇੱਕ ਕੈਬ ਸੜਕ ਤੋਂ ਤਿਲਕ ਕੇ ਖੱਡ ਵਿਚ ਡਿੱਗਣ ਕਾਰਨ ਸਕੂਲੀ ਵਿਦਿਆਰਥੀਆਂ ਸਮੇਤ 14 ਲੋਕ ਜ਼ਖ਼ਮੀ ਹੋ ਗਏ। ਅਧਿਕਾਰੀਆਂ ਨੇ ਇਹ ਜਾਣਕਾਰੀ ਦਿੱਤੀ। ਅਧਿਕਾਰੀਆਂ ਨੇ ਦੱਸਿਆ ਕਿ ਇਹ ਹਾਦਸਾ ਸਵੇਰੇ ਕਰੀਬ 10:30 ਵਜੇ ਮੇਂਢਰ ਦੇ ਕੇਰੀ ਗਲਹੁਟਾ ਪਿੰਡ ਨੇੜੇ ਵਾਪਰਿਆ।

ਉਨ੍ਹਾਂ ਦੱਸਿਆ ਕਿ ਸਕੂਲੀ ਵਿਦਿਆਰਥੀ ਬੋਰਡ ਦੀ ਪ੍ਰੀਖਿਆ ਦੇਣ ਲਈ ਜਾ ਰਹੇ ਸਨ ਤਾਂ ਡਰਾਈਵਰ ਦਾ ਵਾਹਨ ਤੋਂ ਕੰਟਰੋਲ ਖੋ ਗਿਆ। ਉਨ੍ਹਾਂ ਦੱਸਿਆ ਕਿ ਤੁਰੰਤ ਬਚਾਅ ਕਾਰਜ ਸ਼ੁਰੂ ਕਰ ਦਿੱਤਾ ਗਿਆ ਅਤੇ ਜ਼ਖਮੀਆਂ ਨੂੰ ਹਸਪਤਾਲ ਪਹੁੰਚਾਇਆ ਗਿਆ।

ਅਧਿਕਾਰੀਆਂ ਨੇ ਦੱਸਿਆ ਕਿ ਦੋ ਲੜਕੀਆਂ ਜ਼ਾਹਿਰਾ ਅਤੇ ਰੁਖਸਾਨਾ ਨੂੰ ਗੰਭੀਰ ਸੱਟਾਂ ਲੱਗੀਆਂ ਅਤੇ ਬਾਅਦ ਵਿੱਚ ਉਨ੍ਹਾਂ ਨੂੰ ਵਿਸ਼ੇਸ਼ ਇਲਾਜ ਲਈ ਸਰਕਾਰੀ ਮੈਡੀਕਲ ਕਾਲਜ, ਰਾਜੌਰੀ ਵਿੱਚ ਭੇਜ ਦਿੱਤਾ ਗਿਆ। ਉਨ੍ਹਾਂ ਦੱਸਿਆ ਕਿ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਹੈ।





Grand Upholstery Ltd
Sofa Company Originality in Every Piece
Special on Sale
• ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
• ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
• ਆਪਣੀ ਮਨਪਸੰਦ ਦਾ ਕੋਈ ਵੀ L Shape ਡਿਜਾਇਨ ਅਤੇ ਰੰਗ ਚੁਣ ਸਕਦੇ ਹੋ।
• ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ
ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋ ਘੱਟ ਕੀਮਤ ਉੱਤੇ ਵੀ ਲੈ ਸਕਦੇ ਹੋ
ਕੁਆਲਿਟੀ ਮੂਹੋਂ ਬੋਲਦੀ ਹੈ
Tel: 905.791.2888 Cell: 647.293.3212
2053 Williams Pkwy, Unit -45, Brampton | Email: grandupholstery@gmail.com



Dr. Randhawa Dentistry
Your own dentist who really cares for you
We Provide the following Services:
• Dental Crowns, Veneers & Bridges
• Dental Fillings & Gum Treatment
• Root Canal (RCT), Dentures, Extraction
• Kids Dentistry
• Wisdom Tooth Surgery
• Invisalign (Invisible Braces)
• Digital X-Rays System
• Teeth Cleaning & Whitening
• Cosmetic Dental Treatment
Dr. Samreet Kaur Randhawa
General Family Dentist
New Patients welcome
Deal Directly with all Insurance Companies
• ਸੀਨੀਅਰ ਡਿਸਕਾਊਂਟ
• ਅਸੀਂ ਤੁਹਾਡੀ ਭਾਸ਼ਾ ਬੋਲਦੇ ਹਾਂ
• ਐਮਰਜੈਂਸੀ ਅਤੇ ਵਾਕ ਇਨ ਸੇਵਾਵਾਂ
NEW LOCATION
10 SQUIRE ELLIS DR, UNIT 5-6
BRAMPTON, ON L6P 4K6
(MAJOR INTERSECTION: GORE RD/MAYFIELD)
Tel :905-794-5111
INVISALIGN & BRACES INCLUDING CLEAR BRACES
Invisible Braces ਜਿਹੜੀਆਂ ਕਿ ਦੂਰੋਂ ਨਜਰ ਨਹੀਂ ਆਉਂਦੀਆਂ
Show Your Smile More With Invisible Braces!
FIRST LOCATION
DENTISTRY @ BONNIE BRAES
50 CHESTERWOOD CRES, UNIT 2
BRAMPTON, ON L6Y 0Z4
(OPP. CHRUCHVILLE PUBLIC SCHOOL, JAMES POTTER / BONNIE BRAES INTERSECTION)
Tel : 905-230-9044
Mayfield Rd
Mcvean Dr
Gore Rd
DENTISTRY
Squire Ellis Dr
Countryside Dr



REXDALE BODY SHOP
USED CAR SALE
Specialization In:
★ All Kinds of Body Work
★ Auto Glass Windshield
★ Denting, Painting & Welding
SPECIAL PAINT JOB $779
RENTAL CAR PROVIDED
ਅਸੀਂ ਸਾਰੇ ਇੰਸ਼ੋਰੈਂਸ ਕੰਪਨੀ ਨੂੰ ਕਵਰ ਕਰਦੇ ਹਾਂ
25 years of Canadian Experience
OPEN MON - SAT 9AM TO 7PM
CHEEMA
LOWEST PRICE IN TOWN
Call Rick or Manminder Cheema: 416.749.9596 /416.951.6431
Towing Service Car Paint Starts $799*upto 100% Deductible Paid*
30 Racine Rd. Toronto, ON, M9W 2Z3, FAX: 416.749.9597
www.AAABODYSHOP.ca
mcheemaaaa@hotmail.com

URGENTLY NEED NEW LISTINGS IN BRAMPTON/CALEDON



visit: www.teamjagaujla.com

ADVERTISEMENT GUARANTEED TILL SOLD

JAG AUJLA

MCNE, REAL ESTATE BROKER

416-371-7777

e-mail: j.aujla@rogers.com or visit: www.jagaujla.com

CALL JAG AUJLA FOR A QUICK & FREE HOME EVALUATION

www.BramptonTopRealtor.com

RECENTLY LISTED/SOLD IN YOUR NEIGHBOURHOOD

**Hwy 7/ Churchill Rd/Tanners Dr**



ਵਧੀਆ ਲੋਕੇਸ਼ਨ, ਡਬਲ ਸਟੋਰੀ ਘਰ, 3400 ਸਕੇਅਰ ਫੁਟ, 3 ਖੁਲੇ-ਡੁਲੇ ਬੈਡਰੂਮ, ਫਿਨੀਸ਼ਡ ਬੈਸਮੈਂਟ, ਸਟੋਨ ਪੈਟਿਓ, ਪਾਵਰ ਗਰਾਜ ਤੇ ਹੋਰ ਵੀ ਬਹੁਤ ਕੁਝ, ਅੱਜ ਹੀ ਸੰਪਰਕ ਕਰੋ।

**Mclaughlin Rd & Steeles Ave**



ਸੋਹਣਾ ਤੇ ਸਾਫ ਸੁਥਰਾ, ਮਾਡਰਨ ਲੇਆਉਟ, 3515 ਸਕੇਅਰ ਫੁਟ ਵਿਚ 4 + 2 ਬੈਡਰੂਮ ਤੇ 5 ਵਾਸ਼ਰੂਮ ਦਾ ਘਰ, ਲੈਮੀਨੇਟ ਫਲੋਰ, ਨਵੇ ਰੂਫ ਸ਼ਿੰਗਲ, ਪਿਛਲੇ ਸਾਲ ਬਣੀ ਬੈਸਮੈਂਟ। ਸੰਪਰਕ ਕਰੋ

**Wanless /Queen Mary /Mclaughlin**



2016 ਵਿਚ ਬਣਿਆ, ਡਬਲ ਡੋਰ ਗਰਾਜ, 4364 ਸਕੇਅਰ ਫੁਟ, 4 ਖੁਲੇ-ਡੁਲੇ ਬੈਡਰੂਮ ਤੇ 5 ਵਾਸ਼ਰੂਮ, ਫਿਨੀਸ਼ਡ ਬੈਸਮੈਂਟ ਜਿਸ ਨੂੰ ਸੈਪਰੇਟ ਏਨੰਟਰੈਂਸ ਤੇ 2 ਬੈਡਰੂਮ ਲਈ ਸੰਪਰਕ ਕਰੋ।

**Chinguacousy & Bovaird**



ਸ਼ਾਨਦਾਰ ਤੇ ਸਾਫ ਸੁਥਰਾ, ਮਾਡਰਨ ਲੇਆਉਟ ਵਿਚ 4 ਬੈਡਰੂਮ ਤੇ 4 ਵਾਸ਼ਰੂਮ ਦਾ ਘਰ, ਲੈਮੀਨੇਟ ਫਲੋਰ, ਅਪਗ੍ਰੇਡਡ ਕਿਚਨ, ਫਿਨੀਸ਼ ਬੈਸਮੈਂਟ ਤੇ ਹੋਰ ਵੀ ਕਈ ਅਪਗ੍ਰੇਡਜ਼, ਸੰਪਰਕ ਕਰੋ।

FREE
- Full MLS services
- Consistent marketing until your property is sold
- Staging consultation
- Billboard, flyer
- Online Promotion
- Professional pictures & virtual tour
- Social media & radio advertisement
- Open house till sold
- Competitive rates, exceptional service & award winning results

RE/MAX REALTY SPECIALISTS INC.

Ph:905-456-3232 **Based on units sold & commissions **Some conditions apply

*Seller & Jag Aujla Broker of RE/MAX Realty Specialist Inc. must agree on the terms & conditions, closing date and listing price at the time of listing. Guaranteed program only for peel region homes under $1 million price.

Call: JAG AUJLA Dir: 416-371-7777

MCNE, Real Estate Broker

NOT INTENDED TO SOLICIT BUYERS OR SELLERS CURRENTLY UNDER CONTRACT

OURR HOME & APPLIANCES

HURRY UP

LIMITED TIME OFFER

DEALS LIKE NEVER BEFORE

OURR PRICES ARE THE BEST



BEST DEALS ON

LUXURY KITCHEN APPLIANCES

WE CARRY ALL MAJOR BRANDS

UNBOXED UNITS & NEW IN BOX UNITS AVAILABLE

100% CUSTOMER SATISFACTION

DELIVERY AVAILABLE *CONDITIONS APPLY

PRICE BEAT GUARANTEE *CONDITIONS APPLY

USE THE PROMO CODE TO GET DISCOUNT → PROMO CODE - (COURR-2302FLYER)

WE ARE AN AUTHORIZED DEALER FOR ALL MAJOR BRANDS!

| | | | | | |
|---|---|---|---|---|---|
| UNIT #1, 241 CLARENCE ST BRAMPTON, ON L6W 3E7 (416) 551 3343 | 44 FASKEN DR. #2-9 ETOBICKOKE, ON M9W 5M8 (416) 792-0877 | UNIT #6 410 LEWIS RD, STONEY CREEK, ON L8E 5Y7 (905) 643 0818 | UNIT #4 -1540 FANSHAWE PARK ROAD WEST LONDON, ON N6H 5L8 (519) 641-1010 | 5781 HIGHWAY 7 UNIT 10, VAUGHAN, ON L4L 178 (416) 477 5556 | 1050 SPEERS ROAD, OAKVILLE, ON, L6L 2X4 (416) 613 0555 |

416-551-5553 WWW.OURRHOMEAPPLIANCES.COM




FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas

**SERVING FROM ALL LOCATIONS IN GTA AREA:**

10 Westmore Drive
Etobicoke ON M9V-3Z7
416-740-3262

21 Lacoste Blvd,
Brampton, ON L6P 2K2
905 794-8109

621 Wanless drive, # 122
Brampton ON L7A 0A9
905-495-3336

1075 Ceremonial Drive
Mississauga ON L5R 2Z4
905-502-1600

80 Pertosa Drive
Brampton ON L5X-5E9
905-460-0009

10510 Torbram Road,
Brampton
905-790-0030

2120 North park Drive
Brampton ON L6S 0C9
905-793-1338

10 Pannahill Dr,
Brampton
905 913-8017